ਨਵੀਂ ਦਿੱਲੀ 28 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਨ ਅਧੀਨ ਚਲਾਏ ਜਾ ਰਹੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਵਿੱਚ ਪ੍ਰਬੰਧਨ ਨੀਤੀਆਂ ਕਾਰਨ ਰੋਜ਼ਾਨਾ ਪੈਦਾ ਹੋ ਰਹੇ ਸੰਕਟਾਂ 'ਤੇ ਚਿੰਤਾ ਪ੍ਰਗਟ ਕੀਤੀ ਹੈ।ਅਕਾਲੀ ਆਗੂ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਨੇ ਇਸ ਸਬੰਧ ਵਿੱਚ ਇੱਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ ਹੇਮਕੁੰਟ ਕਲੋਨੀ ਸਕੂਲ ਵਿੱਚ ਪ੍ਰੀਖਿਆ ਵਿੱਚ ਡਮੀ ਉਮੀਦਵਾਰ ਬੈਠੇ ਸਨ। ਉਕਤ ਆਗੂਆਂ ਨੇ ਕਿਹਾ ਕਿ ਦੱਖਣੀ ਜ਼ਿਲ੍ਹਾ ਪੁਲਿਸ ਨੇ ਇਸ ਸਕੂਲ ਵਿੱਚ ਜਵਾਹਰ ਨਵੋਦਿਆ ਵਿਦਿਆਲਿਆ ਸੰਮਤੀ ਵਿੱਚ ਗੈਰ-ਅਧਿਆਪਨ ਸਟਾਫ ਦੀ ਭਰਤੀ ਲਈ ਕਰਵਾਈ ਗਈ ਪ੍ਰੀਖਿਆ ਵਿੱਚ ਡਮੀ ਉਮੀਦਵਾਰਾਂ ਨੂੰ ਬਿਠਾਉਣ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਸ ਧੋਖਾਧੜੀ ਵਿੱਚ ਸ਼ਾਮਲ ਇੱਕ ਔਰਤ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਉਮੀਦਵਾਰਾਂ ਤੋਂ ਪੈਸੇ ਲੈ ਕੇ ਡਮੀ ਉਮੀਦਵਾਰਾਂ ਨੂੰ ਪ੍ਰੀਖਿਆ ਵਿੱਚ ਬਿਠਾਉਂਦੇ ਸਨ। ਮੁਲਜ਼ਮਾਂ ਦੀ ਪਛਾਣ ਸੋਨੀਪਤ ਨਿਵਾਸੀ ਸੁਮਿਤ ਦਹੀਆ, ਬਿਮਲ ਕੁਮਾਰ ਸਿੰਘ, ਬਲਜੀਤ ਸਿੰਘ ਅਤੇ ਕਾਂਝਵਾਲਾ ਦੀ ਰਹਿਣ ਵਾਲੀ ਇੱਕ ਔਰਤ ਵਜੋਂ ਹੋਈ ਹੈ। ਇਸ ਗਿਰੋਹ ਨੇ ਅੰਕੁਰ ਨਾਮ ਦੇ ਇੱਕ ਉਮੀਦਵਾਰ ਨਾਲ 6 ਲੱਖ ਰੁਪਏ ਵਿੱਚ ਪ੍ਰੀਖਿਆ ਪਾਸ ਕਰਨ ਲਈ ਸੌਦਾ ਕੀਤਾ ਸੀ। ਇਸ ਸਬੰਧ ਵਿੱਚ ਗ੍ਰੇਟਰ ਕੈਲਾਸ਼ ਥਾਣੇ ਵਿੱਚ ਗੰਭੀਰ ਧਾਰਾਵਾਂ ਤਹਿਤ ਐਫਆਈਆਰ ਨੰਬਰ 228/25 ਦਰਜ ਕੀਤੀ ਗਈ ਹੈ।ਸਰਨਾ ਨੇ ਇਸ ਸਰਕਾਰੀ ਨੌਕਰੀ ਪ੍ਰੀਖਿਆ ਧੋਖਾਧੜੀ ਰੈਕੇਟ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਹੈ। ਸਰਨਾ ਨੇ ਕਿਹਾ ਕਿ ਸੀਬੀਆਈ ਨੂੰ ਤੁਰੰਤ ਦਿੱਲੀ ਕਮੇਟੀ ਦੇ ਮੁਖੀ, ਜਨਰਲ ਸਕੱਤਰ, ਸਿੱਖਿਆ ਸੈੱਲ ਦੇ ਚੇਅਰਮੈਨ ਅਤੇ ਸਕੂਲ ਗਵਰਨਿੰਗ ਬਾਡੀ ਦੇ ਮੈਂਬਰਾਂ ਨੂੰ ਪੁੱਛਗਿੱਛ ਲਈ ਬੁਲਾਉਣਾ ਚਾਹੀਦਾ ਹੈ। ਕਿਉਂਕਿ ਇੰਨਾ ਵੱਡਾ ਘੁਟਾਲਾ ਇੱਕ ਸਕੂਲ ਅਧਿਆਪਕ ਅਤੇ ਦਫਤਰ ਸੁਪਰਡੈਂਟ ਨਹੀਂ ਕਰ ਸਕਦਾ।ਜੀਕੇ ਨੇ ਕਿਹਾ ਕਿ ਇਸ ਸਰਕਾਰੀ ਨੌਕਰੀ ਪ੍ਰੀਖਿਆ ਧੋਖਾਧੜੀ ਰੈਕੇਟ ਦਾ ਮਾਸਟਰਮਾਈਂਡ ਕੌਣ ਹੈ ? ਪੁਲਿਸ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਅਤੇ ਅਸਲ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਏਜੰਟਾਂ ਦੀ ਆੜ ਵਿੱਚ ਨਹੀਂ ਬਖਸ਼ਿਆ ਜਾਣਾ ਚਾਹੀਦਾ ।ਜੀ.ਕੇ. ਨੇ ਦਾਅਵਾ ਕੀਤਾ ਕਿ ਨਕਲੀ ਉਮੀਦਵਾਰ ਸੁਮਿਤ ਦਹੀਆ ਨੂੰ 25 ਮਈ ਨੂੰ ਸਵੇਰੇ 9.30 ਵਜੇ ਅੰਕੁਰ ਦੇ ਆਧਾਰ ਕਾਰਡ ਅਤੇ ਐਡਮਿਟ ਕਾਰਡ ਨਾਲ ਬਾਇਓਮੈਟ੍ਰਿਕ ਮੈਚਿੰਗ ਤੋਂ ਬਿਨਾਂ ਪ੍ਰੀਖਿਆ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਸੀ। ਜਦੋਂ ਕਿ ਸੀ.ਬੀ.ਐਸ.ਈ. ਦੇ ਫਲਾਇੰਗ ਸਕੁਐਡ ਨੇ ਉਸਨੂੰ 11.30 ਵਜੇ ਫੜ ਲਿਆ। ਪਰ ਸਕੂਲ ਪ੍ਰਬੰਧਨ ਨੇ ਸ਼ਾਮ 5 ਵਜੇ ਤੱਕ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ। ਪਰ ਅੰਤ ਵਿੱਚ ਪੁਲਿਸ ਨੇ ਸ਼ਾਮ 5.12 ਵਜੇ ਡੀਡੀ ਐਂਟਰੀ ਕੀਤੀ ਅਤੇ ਸ਼ਾਮ 5.24 ਵਜੇ ਐਫਆਈਆਰ ਦਰਜ ਕੀਤੀ। ਜੀ.ਕੇ. ਨੇ ਕਿਹਾ ਕਿ ਦਿੱਲੀ ਪੁਲਿਸ ਨੂੰ ਇਸ ਸਕੂਲ ਵਿੱਚ ਹੁਣ ਤੱਕ ਹੋਈਆਂ ਸਾਰੀਆਂ ਪ੍ਰੀਖਿਆਵਾਂ ਦੀ ਜਾਂਚ ਕਰਨੀ ਚਾਹੀਦੀ ਹੈ। ਕਿਉਂਕਿ ਮੇਰੇ ਕੋਲ ਜਾਣਕਾਰੀ ਹੈ ਕਿ ਪਹਿਲਾਂ ਵੀ ਕੁਝ ਉਮੀਦਵਾਰਾਂ ਨੂੰ ਓਪਨ ਸਕੂਲ ਪ੍ਰੀਖਿਆ ਵਿੱਚ ਵੱਖਰੇ ਤੌਰ 'ਤੇ ਬੈਠਾਇਆ ਗਿਆ ਸੀ, ਇਸ ਲਈ ਪੁਲਿਸ ਨੂੰ ਇਸ ਦੋਸ਼ ਦੀ ਵੀ ਜਾਂਚ ਕਰਨੀ ਚਾਹੀਦੀ ਹੈ। ਅਕਾਲੀ ਆਗੂ ਡਾ. ਪਰਮਿੰਦਰ ਪਾਲ ਸਿੰਘ ਨੇ ਦਿੱਲੀ ਪੁਲਿਸ ਦੀ ਪ੍ਰੈਸ ਰਿਲੀਜ਼ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਬਾਇਓਮੈਟ੍ਰਿਕ ਮੈਚਿੰਗ ਤੋਂ ਬਿਨਾਂ ਇੱਕ ਡਮੀ ਉਮੀਦਵਾਰ ਦੀ ਆਸਾਨ ਐਂਟਰੀ ਕੋਈ ਛੋਟੀ ਗੱਲ ਨਹੀਂ ਹੈ। ਇਸ ਸਬੰਧ ਵਿੱਚ, ਸੁਮਿਤ ਦਹੀਆ ਤੋਂ ਜ਼ਬਤ ਅੰਕੁਰ ਦਾ ਆਧਾਰ ਕਾਰਡ, ਐਡਮਿਟ ਕਾਰਡ ਅਤੇ ਓ.ਐਮ.ਆਰ ਸ਼ੀਟ ਇਸ ਗੱਲ ਦਾ ਸਬੂਤ ਹੈ ਕਿ ਇਹ ਸਾਰੇ ਸ਼ਾਮਲ ਸਨ। ਜਿਸ ਡਮੀ ਉਮੀਦਵਾਰ ਨੂੰ ਸਵੇਰੇ 9.30 ਵਜੇ ਫੜ ਕੇ ਪੁਲਿਸ ਦੇ ਹਵਾਲੇ ਕਰ ਦੇਣਾ ਚਾਹੀਦਾ ਸੀ, ਉਹ 11.30 ਵਜੇ ਤੱਕ ਓਐਮਆਰ ਸ਼ੀਟ ਤੱਕ ਕਿਵੇਂ ਪਹੁੰਚ ਗਿਆ, ਇਹ ਇੱਕ ਵੱਡਾ ਸਵਾਲ ਹੈ। ਇਸ ਮੌਕੇ ਦਿੱਲੀ ਕਮੇਟੀ ਦੇ ਮੈਂਬਰ ਜਤਿੰਦਰ ਸਿੰਘ ਸਾਹਨੀ, ਪਰਮਜੀਤ ਸਿੰਘ ਰਾਣਾ, ਸਤਨਾਮ ਸਿੰਘ ਖੀਵਾ, ਮਹਿੰਦਰ ਸਿੰਘ, ਅਕਾਲੀ ਆਗੂ ਰਮਨਦੀਪ ਸਿੰਘ ਸੋਨੂੰ, ਮਨਜੀਤ ਸਿੰਘ ਸਰਨਾ, ਸੁਖਮਨ ਸਿੰਘ ਆਦਿ ਮੌਜੂਦ ਸਨ।

# ਦੱਖਣੀ ਅਫ਼ਰੀਕੀ ਸੰਸਦੀ ਪ੍ਰੀਸ਼ਦ ਨੇ ਪਹਿਲਗਾਮ ਦੇ ਪੀੜਤਾਂ ਦੀ ਮੌਤ 'ਤੇ ਸੋਗ ਪ੍ਰਗਟ ਕੀਤਾ



ਨਵੀਂ ਦਿੱਲੀ 28 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੀਮਤੀ ਸੁਪ੍ਰਿਆ ਸੂਲੇ, ਸੰਸਦ ਮੈਂਬਰ (ਲੋਕ ਸਭਾ) ਦੀ ਅਗਵਾਈ ਹੇਠ ਇੱਕ ਸਰਬ-ਪਾਰਟੀ ਭਾਰਤੀ ਸੰਸਦੀ ਵਫ਼ਦ ਨੇ ਅੱਜ ਕੇਪ ਟਾਊਨ ਵਿੱਚ ਦੱਖਣੀ ਅਫ਼ਰੀਕਾ ਦੀ ਸੰਸਦ ਵਿੱਚ ਇੱਕ ਗੰਭੀਰ ਸੈਸ਼ਨ ਕੀਤਾ। ਵਫ਼ਦ ਨੇ ਦੱਖਣੀ ਅਫ਼ਰੀਕਾ ਦੀ ਪ੍ਰਾਂਤ ਪ੍ਰੀਸ਼ਦ ਦੇ ਮੈਂਬਰਾਂ ਨਾਲ ਹਾਲ ਹੀ ਵਿੱਚ ਹੋਏ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਮਾਸੂਮ ਜਾਨਾਂ ਦੇ ਦੁਖਦਾਈ ਨੁਕਸਾਨ 'ਤੇ ਸੋਗ ਪ੍ਰਗਟ ਕੀਤਾ, ਅੱਤਵਾਦ ਵਿਰੁੱਧ ਏਕਤਾ ਅਤੇ ਸ਼ਾਂਤੀ ਪ੍ਰਤੀ ਸਾਂਝੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਪੀੜਤਾਂ ਨੂੰ ਦਿਲੋਂ ਸ਼ਰਧਾਂਜਲੀ ਦੇਣ ਲਈ ਚੈਂਬਰ ਵਿੱਚ ਇੱਕ ਪਲ ਦਾ ਮੌਨ ਰੱਖਿਆ ਗਿਆ। ਡਾ. ਵਿਕਰਮਜੀਤ ਸਿੰਘ ਸਾਹਨੀ, ਐਮਪੀ, ਜੋ ਕਿ ਭਾਰਤ ਵਿੱਚ ਦੱਖਣੀ ਅਫ਼ਰੀਕਾ ਦੇ ਸਾਬਕਾ ਕੌਂਸਲ ਜਨਰਲ ਵੀ ਹਨ, ਨੇ 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਵਾਪਰੀ ਦਹਿਸ਼ਤਗਰਦੀ ਦੀ ਘਿਨਾਉਣੀ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਨਿੰਦਾ ਕੀਤੀ। ਆਪ੍ਰੇਸ਼ਨ ਸਿੰਦੂਰ ਰਾਹੀਂ ਆਪਣੀ ਬਦਲਾ ਲੈਣ ਦਾ ਜ਼ਿਕਰ ਕਰਦੇ ਹੋਏ, ਉਨ੍ਹਾਂ ਦੁਹਰਾਇਆ ਕਿ ਭਾਰਤ ਦਾ ਜਵਾਬ ਦ੍ਰਿੜ, ਕੈਲੀਬ੍ਰੇਟਡ ਅਤੇ ਅੱਤਵਾਦ ਪ੍ਰਤੀ ਆਪਣੀ ਜ਼ੀਰੋ-ਸਹਿਣਸ਼ੀਲਤਾ ਨੀਤੀ ਵਿੱਚ ਜੜ੍ਹਾਂ ਰੱਖਦਾ ਹੈ। ਉਨ੍ਹਾਂ ਨੇ ਅੱਤਵਾਦੀ ਨੈੱਟਵਰਕਾਂ ਨੂੰ ਖਤਮ ਕਰਨ ਲਈ ਸੰਯੁਕਤ ਵਿਸ਼ਵਵਿਆਪੀ ਕਾਰਵਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਭਾਰਤ ਸਰਹੱਦ ਪਾਰ ਅੱਤਵਾਦ ਤੋਂ ਬਹੁਤ ਪ੍ਰਭਾਵਿਤ ਹੋਇਆ ਹੈ ਅਤੇ ਅਜਿਹੇ ਖਤਰਿਆਂ ਦਾ ਮੁਕਾਬਲਾ ਕਰਨ ਲਈ ਦ੍ਰਿੜ ਹੈ। ਉਨ੍ਹਾਂ ਨੇ ਬਹੁਪੱਖੀ ਸਹਿਯੋਗ ਵਧਾਉਣ ਦਾ ਸੱਦਾ ਦਿੱਤਾ ਅਤੇ ਸ਼ਾਂਤੀ ਬਣਾਈ ਰੱਖਣ ਅਤੇ ਨਿਆਂ ਨੂੰ ਕਾਇਮ ਰੱਖਣ ਦੇ ਭਾਰਤ ਦੇ ਯਤਨਾਂ ਵਿੱਚ ਦੱਖਣੀ ਅਫਰੀਕਾ ਦੇ ਅਟੁੱਟ ਸਮਰਥਨ ਲਈ ਧੰਨਵਾਦ ਕੀਤਾ। ਡਾ. ਸਾਹਨੀ ਨੇ ਭਾਰਤ ਅਤੇ ਦੱਖਣੀ ਅਫ਼ਰੀਕਾ ਵਿਚਕਾਰ ਇਤਿਹਾਸਕ ਦੋਸਤੀ ਨੂੰ ਯਾਦ ਕੀਤਾ, ਜੋ ਮਹਾਤਮਾ ਗਾਂਧੀ ਅਤੇ ਨੈਲਸਨ ਮੰਡੇਲਾ ਦੇ ਮੁੱਲਾਂ 'ਤੇ ਆਧਾਰਿਤ ਸੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਦੋਵੇਂ ਦੇਸ਼ਾਂ ਨੂੰ, ਲੋਕਤੰਤਰ ਅਤੇ ਅਹਿੰਸਾ ਪ੍ਰਤੀ ਆਪਣੀ ਸਾਂਝੀ ਵਚਨਬੱਧਤਾ ਰਾਹੀਂ, ਇੱਕ ਸ਼ਾਂਤੀਪੂਰਨ ਅਤੇ ਸੁਰੱਖਿਅਤ ਵਿਸ਼ਵ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਯਤਨਾਂ ਦੀ ਅਗਵਾਈ ਕਰਨੀ ਚਾਹੀਦੀ ਹੈ। ਭਾਰਤ ਦੱਖਣੀ ਅਫ਼ਰੀਕਾ ਦੀ ਹਮਦਰਦੀ ਦੀ ਕਦਰ ਕਰਦਾ ਹੈ ਅਤੇ ਅੱਤਵਾਦ ਨਾਲ ਲੜਨ ਵਿੱਚ ਨੇੜਲੇ ਸਹਿਯੋਗ ਦੀ ਉਮੀਦ ਕਰਦਾ ਹੈ। ਵਫ਼ਦ ਵਿੱਚ ਸੰਸਦ ਦੇ ਪ੍ਰਮੁੱਖ ਮੈਂਬਰ: ਸ਼੍ਰੀ ਅਨੁਰਾਗ ਸਿੰਘ ਠਾਕੁਰ, ਸ਼੍ਰੀ ਰਾਜੀਵ ਪ੍ਰਤਾਪ ਰੂਡੀ, ਡਾ. ਵਿਕਰਮਜੀਤ ਸਿੰਘ ਸਾਹਨੇ, ਸ਼੍ਰੀ ਮਨੀਸ਼ ਤਿਵਾੜੀ, ਸ਼੍ਰੀ ਲਵੂ ਸ਼੍ਰੀ ਕ੍ਰਿਸ਼ਨ ਦੇਵਰਾਯਾਲੂ, ਸ਼੍ਰੀ ਆਨੰਦ ਸ਼ਰਮਾ (ਸਾਬਕਾ ਮੰਤਰੀ), ਸ਼੍ਰੀ ਵੀ. ਮੁਰਲੀਧਰਨ (ਸਾਬਕਾ ਮੰਤਰੀ), ਅਤੇ ਰਾਜਦੂਤ ਸਈਦ ਅਕਬਰੂਦੀਨ ਸ਼ਾਮਲ ਸਨ।

# ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿਖੇ ਜਲਦ ਖੁੱਲੇਗਾ ਪੋਲੀਟੈਕਨਿਕ ਕਾਲਜ, 90 ਫੀਸਦੀ ਤੋਂ ਜਿਆਦਾ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਈਟੀਓ ਨੇ ਕੀਤਾ ਸਨਮਾਨਿਤ



ਜੰਡਿਆਲਾ ਗੁਰੂ 28 ਮਈ ( ਕੁਲਵੰਤ ਸਿੰਘ ਵਿਰਦੀ )- ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਅਤੇ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ 90 ਪ੍ਰਤੀਸ਼ਤ ਤੋਂ ਜਿਆਦਾ ਅੰਕ ਹਾਸਲ ਕਰਨ ਵਾਲੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਨਾਲ ਸੰਬੰਧਿਤ ਵਿਦਿਆਰਥੀਆਂ ਨੂੰ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਵਿਭਾਗ ਮੰਤਰੀ ਸ.ਹਰਭਜਨ ਸਿੰਘ ਈਟੀਓ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇੱਥੇ ਜ਼ਿਕਰਯੋਗ ਹੈ ਕਿ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਰੱਖੇ ਤੀਸਰੇ ਹਲਕਾ ਪੱਧਰੀ ਸਨਮਾਨ ਸਮਾਰੋਹ ਦੌਰਾਨ ਦੀ 437 ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ,ਜ਼ਿਨ੍ਹਾਂ ਵਿਚੋ 6 ਵਿਦਿਆਰਥੀ ਸਟੇਟ ਮੈਰਿਟ ਸੂਚੀ ਵਿਚ ਆਏ ਹਨ,ਇੰਨ੍ਹਾਂ ਵਿਚੋ ਦਸਵੀ ਜਮਾਤ ਦੇ 223 ਵਿਦਿਆਰਥੀ ਅਤੇ ਬਾਰਵੀ ਜਮਾਤ ਦੇ 214 ਵਿਦਿਆਰਥੀ ਸ਼ਾਮਲ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਸ ਈ.ਟੀ.ਓ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿਚ 163 ਸਰਕਾਰੀ ਪ੍ਰਾਂਇਮਰੀ, ਮਿਡਲ ਅਤੇ ਸੈਕੰਡਰੀ ਸਕੂਲ ਹਨ। ਉਨ੍ਹਾ ਕਿਹਾ ਕਿ ਮੈਨੂੰ ਮਾਣ ਹੈ ਕਿ ਮੈ ਖੁਦ ਹਰੇਕ ਸਕੂਲ ਦਾ ਦੌਰਾ ਕੀਤਾ ਹੈ ਅਤੇ ਸਕੂਲਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਜ਼ਲਦ ਹੀ ਜੰਡਿਆਲਾ ਗੁਰੂ ਵਿਖੇ ਪੋਲੀਟੈਕਨੀਕਲ ਕਾਲਜ ਦੇ ਖੁਲਣ ਨਾਲ ਇਥੋਂ ਦੇ ਬੱਚਿਆਂ ਨੂੰ ਤਕਨੀਕੀ ਸਿੱਖਿਆ ਪ੍ਰਾਪਤ ਹੋ ਸਕੇਗੀ ਅਤੇ ਉਹ ਆਪਣੇ ਪੈਰਾਂ ਤੇ ਖੜ੍ਹੇ ਹੋ ਸਕਣਗੇ। ਇਸ ਤੋਂ ਪਹਿਲਾਂ ਸੰਬੋਧਨ ਕਰਦਿਆਂ ਸ਼੍ਰੀਮਤੀ ਸਾਕਸ਼ੀ ਸਾਹਨੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਸਤਿੰਦਰ ਸਿੰਘ ਡੀਆਈਜੀ ਬਾਰਡਰ ਰੇਂਜ, ਗੁਰਪ੍ਰੀਤ ਸਿੰਘ ਭੁੱਲਰ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਵਿਦਿਆਰਥੀਆਂ ਨਾਲ ਜਿੰਦਗੀ ਦੇ ਤਜਰਬੇ ਸਾਂਝੇ ਕਰਦਿਆਂ ਜ਼ਿੰਦਗੀ ਦੀ ਮੰਜ਼ਿਲ ਦੀ ਨਿਸ਼ਾਨਦੇਹੀ ਕਰਦਿਆਂ ਉਸ ਦੀ ਪ੍ਰਾਪਤੀ ਤੱਕ ਮਿਹਨਤ ਜਾਰੀ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੀਮਤੀ ਸੁਹਿੰਦਰ ਕੌਰ ਈਟੀਓ, ਸ਼੍ਰੀਮਤੀ ਸੁਰਿੰਦਰ ਕੌਰ, ਖੁਸ਼ਪ੍ਰੀਤ ਸਿੰਘ ਐਸਡੀਐਮ ਬਾਬਾ ਬਕਾਲਾ, ਕੰਵਲਜੀਤ ਸਿੰਘ ਜਿਲਾ ਸਿੱਖਿਆ ਅਫਸਰ ਅੰਮ੍ਰਿਤਸਰ ਸ੍ਰੀ ਰਜੇਸ਼ ਖੰਨਾ ਉਪ ਜਿਲਾ ਸਿੱਖਿਆ ਅਫਸਰ ਅੰਮ੍ਰਿਤਸਰ, ਆਦਿਤਿਆ ਵਾਰੀਅਰ ਐਸਪੀਡੀ, ਮੈਡਮ ਜਸਰੂਪ ਬਾਠ ਆਈਪੀਐਸ, ਨਰੇਸ਼ ਪਾਠਕ ਮੈਂਬਰ ਐਸ ਐਸ ਬੋਰਡ ਪੰਜਾਬ, ਚੇਅਰਮੈਨ ਛਨਾਖਾ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਪਰਮਿੰਦਰ ਸਿੰਘ ਸਰਪੰਚ ਜ਼ਿਲਾ ਮੀਡੀਆ ਕੋਆਰਡੀਨੇਟਰ, ਜੁਗਰਾਜ ਸਿੰਘ ਹਲਕਾ ਕੋਆਰਡੀਨੇਟਰ ਜੰਡਿਆਲਾ ਗੁਰੂ, ਡੀਐਸਪੀ ਰਵਿੰਦਰ ਸਿੰਘ, ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਪ੍ਰਧਾਨ ਸੁਨੈਨਾ ਰੰਧਾਵਾ, ਸਰਪੰਚ ਬਲਜਿੰਦਰ ਸਿੰਘ ਨੋਨੇ, ਸਤਿੰਦਰ ਸਿੰਘ ਈਟੀਓ, ਨਵਜਿੰਦਰ ਸਿੰਘ ਜੰਡਿਆਲਾ ਗੁਰੂ ਆਦਿ ਹਾਜ਼ਰ ਸਨ।

## ਇੱਕ ਨਜ਼ਰ ...



## ਪੰਜਵੇਂ ਪਿਆਰੇ ਭਾਈ ਸਾਹਿਬ ਸਿੰਘ ਜੀ ਦੇ ਨਾਮ ਤੇ ਪੰਜਾਬ 'ਚ ਖੇਤੀਬਾੜੀ ਯੂਨੀਵਰਸਿਟੀ ਬਣਾਉਣ ਦੀ ਮੰਗ

ਜੰਡਿਆਲਾ ਗੁਰੂ, 28 ਮਈ (ਕੁਲਵੰਤ ਸਿੰਘ ਵਿਰਦੀ)- ਦੇਸ ਦੀ ਰੱਖਿਆ ਅਤੇ ਧਰਮਾਂ ਦੇ ਸਤਿਕਾਰ ਤੋਂ ਲੈ ਕਿ ਦੇਸ ਵਿਚ ਨਿਹੱਥਿਆਂ ਮਜ਼ਲੂਮਾਂ ਦੀ ਰੱਖਿਆ ਦੀ ਖਾਤਿਰ ਸਭ ਤੋਂ ਵੱਧ ਸਹਾਦਤਾਂ ਤੋਂ ਪੈਦਾ ਹੋਈ ਸਿੱਖ ਕੌਮ ਦੇ ਦਸਵੇਂ ਗੁਰੂ ਦਸਮੇਸ਼ ਪਿਤਾ ਸਰਬੰਸ ਦਾਨੀ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਵੱਲੋਂ ਸਾਜੇ ਨਿਵਾਜੇ ਗਏ ਪੰਜ ਪਿਆਰੇ ਸਾਹਿਬਾਨਾਂ ਵਿੱਚੋਂ ਭਾਈ ਸਾਹਿਬ ਸਿੰਘ ਜੀ ਦੇ ਨਾਮ ਤੇ ਪੰਜਾਬ ਵਿੱਚ ਖੇਤੀਬਾੜੀ ਯੂਨੀਵਰਸਿਟੀ ਬਣਾਉਣ ਨੂੰ ਲੈ ਕਿ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਗੁਰੂ ਵੱਲੋਂ ਅੱਜ ਕੇਂਦਰੀ ਖੇਤੀਬਾੜੀ ਮੰਤਰੀ ਰਾਮ ਨਾਥ ਠਾਕੁਰ ਨਾਲ ਜਥੇਬੰਦੀ ਦੇ ਆਗੂਆਂ ਸਮੇਤ ਮੁਲਾਕਾਤ ਕੀਤੀ ਗਈ ਅਤੇ ਮੰਗ ਕੀਤੀ ਕਿ ਪੰਜਵੇਂ ਪਿਆਰੇ ਭਾਈ ਸਾਹਿਬ ਸਿੰਘ ਜੀ ਦੇ ਨਾਮ ਤੇ ਪੰਜਾਬ ਵਿੱਚ ਖੇਤੀਬਾੜੀ ਯੂਨੀਵਰਸਿਟੀ ਬਣਾਈ ਜਾਵੇ ਜਿਸ ਤੋਂ ਉਪਰੰਤ ਪੰਜਵੇਂ ਪਿਆਰੇ ਭਾਈ ਸਾਹਿਬ ਜੀ ਦੀ ਤਸਵੀਰ ਦੇ ਕਿ ਸਨਮਾਨਿਤ ਕੀਤਾ ਇਸ ਮੌਕੇ ਤੇ ਹਾਜ਼ਰ ਜਗਤਾਰ ਸਿੰਘ ਅਮਨਦੀਪ ਸਿੰਘ ਰਮਨ ਸ਼ਰਮਾ ਜਸਪਾਲ ਸਿੰਘ ਸਕੱਤਰ ਸਿੰਘ ਆਦੀ ਹਾਜਰ ਸਨ !

## ਜੂਨ 1984 ਦੇ ਘੱਲੂਘਾਰੇ ਦੀ ਯਾਦ ਵਿਚ ਸ਼ਹੀਦੀ ਸਮਾਗਮ ਦੇ ਪ੍ਰਬੰਧਾਂ ਸਬੰਧੀ ਐਡਵੋਕੇਟ ਧਾਮੀ ਨੇ ਕੀਤੀਆਂ ਮੀਟਿੰਗਾਂ



ਨਵੀਂ ਦਿੱਲੀ, 28 ਮਈ (ਮਨਪ੍ਰੀਤ ਸਿੰਘ ਖਾਲਸਾ):-- ਜੂਨ 1984 ਵਿਚ ਭਾਰਤ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਧਾਮਾਂ 'ਤੇ ਕੀਤੇ ਗਏ ਫ਼ੌਜੀ ਹਮਲੇ ਦੀ ਸਾਲਾਨਾ ਯਾਦ ਵਿਚ ਕੀਤੇ ਜਾਣ ਵਾਲੇ ਸ਼ਹੀਦੀ ਸਮਾਗਮਾਂ ਨੂੰ ਲੈ ਕੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੱਖ-ਵੱਖ ਮੀਟਿੰਗਾਂ ਕਰਕੇ ਪ੍ਰਬੰਧਾਂ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।ਐਡਵੋਕੇਟ ਧਾਮੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰਾਂ ਨਾਲ ਵੱਖ-ਵੱਖ ਮੀਟਿੰਗਾਂ ਕੀਤੀਆਂ। ਇਸੇ ਦੌਰਾਨ ਐਡਵੋਕੇਟ ਧਾਮੀ ਨੇ ਆਖਿਆ ਕਿ ਸਿੱਖ ਕੌਮ 'ਤੇ ਹੋਏ ਜ਼ੁਲਮ ਦੀ ਦਾਸਤਾਨ ਜੂਨ 1984 ਦਾ ਘੱਲੂਘਾਰਾ ਹਰ ਸਾਲ ਕੌਮ ਨੂੰ ਪੀੜਾ ਦਿੰਦਾ ਹੈ ਕਿਉਂਕਿ ਸਮੇਂ ਦੀ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਸਿੱਖ ਵਿਰੋਧੀ ਇਸ ਕਰੂਰਕਾਰੇ ਨੂੰ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਇਹ ਬੇਹੱਦ ਸੰਜੀਦਾ ਅਤੇ ਭਾਵੁਕ ਮੌਕਾ ਹੈ, ਜਿਸ ਨੂੰ ਇਸ ਦੀ ਭਾਵਨਾ ਅਨੁਸਾਰ ਯਾਦ ਕਰਨਾ ਕੌਮ ਦੀ ਜ਼ੁੰਮੇਵਾਰੀ ਹੈ। ਉਨ੍ਹਾਂ ਆਖਿਆ ਕਿ ਸਮੁੱਚੀ ਕੌਮ ਦਾ ਫ਼ਰਜ਼ ਹੈ ਕਿ ਉਹ ਆਪਣੇ ਸ਼ਹੀਦਾਂ ਨੂੰ ਯਾਦ ਕਰਨ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਰਯਾਦਾ ਨੂੰ ਧਿਆਨ ਵਿਚ ਰੱਖਦੇ ਹੋਏ ਸਮਾਗਮਾਂ ਵਿਚ ਸ਼ਮੂਲੀਅਤ ਕਰੇ।

## ਭੈਣਾਂ ਵੀਰਾਂ ਲਈ ਦੁਮਾਲਾ, ਦਸਤਾਰ ਅਤੇ ਗੁਰਮਤਿ ਦੀ ਸਿਖਲਾਈ ਕੈਂਪ 1 ਜੂਨ ਤੋਂ ਸ਼ੁਰੂ: ਜਥੇਦਾਰ ਖਾਲਸਾ



ਹਠੂਰ, ਜਗਰਾਉਂ, 28 ਮਈ (ਵਰਿਆਮ ਹਠੂਰ) ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਘੱਲੂਘਾਰੇ ਦੇ ਸਮੂਹ ਸ਼ਹੀਦ ਸਿੰਘਾਂ ਸਿੰਘਣੀਆਂ ਦੀ ਯਾਦ ਵਿੱਚ 11ਵਾਂ ਸਿੱਖੀ ਸੰਭਾਲ ਕੈਂਪ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਅਤੇ ਕੈਲੇਫੋਰਨੀਆਂ ਗੱਤਕਾ ਦਲ ਯੂ ਐੱਸ ਏ ਵੱਲੋਂ ਸਮੂਹ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 1 ਜੂਨ ਤੋਂ ਲੈ ਕੇ 15 ਜੂਨ ਤੱਕ ਲਗਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਜਿੰਦਰ ਸਿੰਘ ਖਾਲਸਾ ਯੂ ਐੱਸ ਏ, ਨੇ ਕਿਹਾ ਕਿ ਸਿੱਖੀ ਸੰਭਾਲ ਕੈਂਪ ਵਿੱਚ ਭੈਣਾਂ, ਵੀਰਾਂ, ਬੱਚਿਆਂ ਲਈ ਦੁਮਾਲਾ, ਦਸਤਾਰ ਦੀ ਸਿਖਲਾਈ, ਅਤੇ ਗੁਰਮਤਿ ਦੀ ਸਿਖਲਾਈ ਦਿੱਤੀ ਜਾਵੇਗੀ, ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸਮੇਂ ਸਮੇਂ ਨਾਲ ਉਪਰਾਲੇ ਕੀਤੇ ਜਾ ਰਹੇ ਹਨ। ਤਾਂ ਜੋ ਬੱਚਿਆਂ ਦਾ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ। ਅੰਤ ਵਿੱਚ ਉਨ੍ਹਾਂ ਕਿਹਾ ਕਿ ਬੀਬੀਆਂ ਭੈਣਾਂ ਵੀ ਆਪਣੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਆਪਣਾ ਅਹਿਮ ਰੋਲ ਅਦਾ ਕਰਨ, ਤੇ ਬੱਚਿਆਂ ਨੂੰ ਲੱਗ ਰਹੇ ਸਿੱਖੀ ਸੰਭਾਲ ਕੈਂਪ ਵਿੱਚ ਭੇਜਣ ਤਾਂ ਜੋ ਬੱਚਿਆਂ ਨੂੰ ਗੁਰੂ ਸਹਿਬਾਨਾਂ ਦੇ ਪਾਏ ਪੂਰਨਿਆਂ ਤੇ ਚੱਲਣ ਲਈ ਤੇ ਸਿੱਖਿਆ ਦੇਣ ਲਈ ਆਪਣਾ ਬਣਦਾ ਯੋਗਦਾਨ ਪਾਈਏ।

## ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਪੀ.ਐਨ.ਪੀ ਹਸਪਤਾਲ ਵਿਖੇ ਮੁਫਤ ਮੈਡੀਕਲ ਕੈਂਪ ਇੱਕ ਜੂਨ ਨੂੰ

ਤਲਵੰਡੀ ਸਾਬੋ, 28 ਮਈ (ਗੁਰਜੰਟ ਸਿੰਘ ਨਥੇਹਾ)- ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ, ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 35 ਸਾਲਾ ਸ਼ਹੀਦੀ ਸ਼ਤਾਬਦੀ ਅਤੇ 1984 ਦੇ ਸ਼ਹੀਦਾਂ ਨੂੰ ਸਮਰਪਿਤ ਤਲਵੰਡੀ ਸਾਬੋ ਦੇ ਪੀ.ਐਨ.ਪੀ ਹਸਪਤਾਲ ਅਤੇ ਪੰਚਕਰਮਾ ਸੈਂਟਰ ਵਿਖੇ ਮਿਤੀ 01 ਜੂਨ, 2025 ਦਿਨ ਐਤਵਾਰ ਨੂੰ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਗੁਰਵਿੰਦਰ ਸਿੰਘ ਮਾਖਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਜੋੜਾਂ ਦੇ ਦਰਦ, ਦਮਾਂ ਅਤੇ ਅਸਥਮਾ ਦੀ ਬਿਮਾਰੀ ਦੇ ਮਰੀਜਾਂ ਨੂੰ ਚੈੱਕ ਕੀਤਾ ਜਾਵੇਗਾ ਅਤੇ ਆਯੁਰਵੈਦਿਕ ਮੁਫ਼ਤ ਦਵਾਈਆਂ ਤਕਸੀਮ ਕੀਤੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਇਹ ਕੈਂਪ ਸਵੇਰੇ 10 ਵਜੇ ਤੋਂ ਲੈਕੇ ਬਾਅਦ ਦੁਪਹਿਰ 1 ਵਜੇ ਚੱਲੇਗਾ। ਡਾਕਟਰ ਮਾਖਾ ਨੇ ਕਿਹਾ ਕਿ ਇਸ ਕੈਂਪ ਵਿੱਚ ਪਹੁੰਚ ਕੇ ਜੋੜਾਂ ਦੇ ਦਰਦ, ਦਮਾ, ਅਸਥਮਾ ਆਦਿ ਬਿਮਾਰੀਆਂ ਸਬੰਧੀ ਚੈੱਕਅਪ ਕਰਵਾਕੇ ਲਾਭ ਪ੍ਰਾਪਤ ਕਰ ਸਕਦੇ ਹੋ।

## ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਸਹਿਜ ਪਾਠਾਂ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ: ਸੰਤ ਸੁਖਵਿੰਦਰ ਸਿੰਘ ਅਲੋਵਾਲ



ਜੰਡਿਆਲਾ ਗੁਰੂ, 28 ਮਈ ( ਕੁਲਵੰਤ ਸਿੰਘ ਵਿਰਦੀ ) ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਲੋਵਾਲ ਫਿਲੌਰ ਲੁਧਿਆਣਾ ਵਿਖੇ ਤਿੰਨ ਸਹਿਜ ਪਾਠਾਂ ਦੇ ਭੋਗ ਪਾਏ ਗਏ ਅਤੇ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਤੇ ਕਿਸਾਨ ਆਗੂ ਵੱਡੀ ਗਿਣਤੀ ਵਿੱਚ ਪਹੁੰਚੇ ਅਤੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਜਿਥੇ ਧਾਰਮਿਕ ਬੁਲਾਰਿਆਂ ਦਾ ਸਨਮਾਨ ਕੀਤਾ ਗਿਆ ਉਥੇ ਵਿਸ਼ੇਸ਼ ਤੌਰ ਪਹੁੰਚੇ ਕਿਸਾਨ ਆਗੂਆਂ ਦਾ ਵੀ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਕਿਹਾ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਕਿਹਾ ਧਾਰਮਿਕ ਸਮਾਗਮ ਨੂੰ ਸਮਰਪਿਤ ਕੁਝ ਦਿਨਾਂ ਤੋਂ ਚੱਲ ਰਹੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਰੱਖੇ ਸਹਿਜ ਪਾਠਾਂ ਦੇ ਭੋਗ ਪਾਉਣ ਤੋਂ ਉਪਰੰਤ ਮੁਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਹੁਕਮ ਨਾਮੇ ਦੀ ਸ਼ਬਦ ਵਿਚਾਰ ਕੀਤੀ ਗਈ ਉਹਨਾਂ ਦੱਸਿਆ ਪੰਜਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ 30 ਮਈ ਨੂੰ ਦੇਸ਼ਾਂ ਵਿਦੇਸ਼ਾਂ ਵਿੱਚ ਮਨਾਇਆ ਜਾ ਰਿਹਾ ਹੈ ਪਰ ਉਹਨਾਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰੂਘਰਾਂ ਵਿਚ ਇਕ ਮਹੀਨੇ ਤੋਂ ਲਗਾਤਾਰ ਸ੍ਰੀ ਸੁਖਮਨੀ ਸਾਹਿਬ ਦੇ ਰੋਜ਼ ਜਾਪ ਕੀਤੇ ਜਾਂਦੇ ਹਨ,ਕਥੇ ਵਿਚਾਰ ਰਾਹੀਂ ਬਾਬਾ ਸੁਖਵਿੰਦਰ ਸਿੰਘ ਜੀ ਨੇ ਦੱਸਿਆ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਨੇ ਬੜੀ ਘਾਲ ਸੇਵਾ ਨਾਲ ਗੁਰੂ ਨਾਨਕ ਦੀ ਗੁਰਬਾਣੀ ਪੋਥੀਆਂ ਇਕੱਠੀਆਂ ਕਰਕੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਚਨਾ ਕੀਤੀ ਉਥੇ ਉਨ੍ਹਾਂ ਨੇ ਮਹਾਨ ਕੁਰਬਾਨੀ ਦੇ ਕੇ ਸਿੱਖ ਨੂੰ ਭਾਣਾ ਮੰਨਣ ਲਈ ਪ੍ਰੇਰਿਤ ਕੀਤਾ, ਇਸ ਮੌਕੇ ਤੇ ਭਾਈ ਰਵਿੰਦਰ ਸਿੰਘ, ਭਾਈ ਮਨਜੀਤ ਸਿੰਘ, ਭਾਈ ਓਂਕਾਰ ਸਿੰਘ ਤੇ ਭਾਈ ਭਾਈ ਗੁਰਮੇਲ ਸਿੰਘ ਦੇ ਕੀਰਤਨੀ ਜਥਿਆਂ ਸ਼ਬਦ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਭਾਈ ਖਾਲਸਾ ਨੇ ਦੱਸਿਆ, ਇਸ ਮੌਕੇ ਤੇ ਬੋਲਦਿਆਂ ਸੰਤ ਸੁਖਵਿੰਦਰ ਸਿੰਘ ਜੀ ਜੋ ਭਾਰਤੀਆਂ ਕਿਸਾਨ ਮਜ਼ਦੂਰ ਯੂਨੀਅਨ ਦੇ ਕੋਰ ਕਮੇਟੀ ਮੈਂਬਰਾਂ ਹਨ ਨੇ ਪੰਜਾਬ ਪ੍ਰਧਾਨ ਦਿਲਬਾਗ ਸਿੰਘ ਗਿੱਲ,ਨੇਕ ਸਿੰਘ ਸਲਾਹਕਾਰ ਪੰਜਾਬ, ਸ੍ਰ ਦਾਰਾਂ ਸਿੰਘ ਤੇ ਭਾਈ ਬਲਦੇਵ ਸਿੰਘ ਤੋਂ ਇਲਾਵਾ ਸਮੂਹ ਆਏਂ ਕਿਸਾਨ ਸੰਘਰਸੀਆਂ ਨੂੰ ਜੀ ਆਇਆਂ ਆਖਿਆ ਅਤੇ ਸਪੱਸ਼ਟ ਕੀਤਾ ਕਿ ਇਸ ਵੇਲੇ ਪੰਜਾਬ ਸਰਕਾਰ ਤੇ ਸੈਂਟਰ ਸਰਕਾਰ ਨਾਲ ਟੱਕਰ ਲੈਣ ਲਈ ਸਮੂਹ ਕਿਸਾਨ ਜਥੇਬੰਦੀਆਂ ਦੀ ਆਗੂਆਂ ਵਿਚ ਇਕੱਤ੍ਰਤਾ ਹੋਣੀਂ ਸਮੇਂ ਅਤੇ ਲੋਕਾਂ ਦੀ ਮੰਗ ਹੈ, ਭਾਈ ਖਾਲਸਾ ਨੇ ਦੱਸਿਆ ਧਾਰਮਿਕ ਦੀਵਾਨ ਦੀਆਂ ਅੱਧੀ ਦਰਜਨ ਦੇ ਲਗਭਗ ਬੁਲਾਰਿਆਂ ਨੇ ਹਾਜ਼ਰੀ ਲਵਾਈ ਗਈ, ਸਮੂਹ ਧਾਰਮਿਕ ਬੁਲਾਰਿਆਂ ਤੇ ਕਿਸਾਨ ਆਗੂਆਂ ਨੂੰ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਵੱਲੋਂ ਸ੍ਰੀ ਪਾਓ ਦੇ ਕੇ ਨਿਵਾਜਿਆ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ।

## ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਸਟੂਡੈਂਟ ਕੌਂਸਲ ਦਾ ਸਹੁੰ ਚੁੱਕ ਸਮਾਗਮ ਯਾਦਗਾਰੀ ਹੋ ਨਿੱਬੜਿਆ

### ਵਿਦਿਆਰਥੀ, ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ ਤੇ ਕੀਤਾ ਸਨਮਾਨਿਤ: ਪ੍ਰਧਾਨ ਚਰਨ ਸਿੰਘ



.ਬਿਲਾਸਪੁਰ, ਮੋਗਾ, 28 ਮਈ (ਵਰਿਆਮ ਹਠੂਰ)- ਇਲਾਕੇ ਦੀ ਚਰਚਿਤ ਅਤੇ ਨਾਮਵਰ ਤੇ ਵਿੱਦਿਅਕ ਸੰਸਥਾ ਸੁਪਰੀਮ ਕੋਨਵੈਂਟ ਸਕੂਲ ਬਿਲਾਸਪੁਰ (ਮੋਗਾ) ਜੋ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਢੀ ਸੰਸਥਾ ਦੇ ਤੌਰ ਤੇ ਜਾਣੀ ਜਾਂਦੀ ਹੈ। ਉੱਥੇ ਹੀ ਸਕੂਲ ਵਿੱਚ ਵਿਦਿਆਰਥੀਆਂ ਦੇ ਮਨੋਬਲ ਨੂੰ ਉੱਚਾ ਚੁੱਕਣ ਲਈ ਤੇ ਉਹਨਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਮੇਂ ਸਮੇਂ ਤੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਸਕੂਲ ਵਿੱਚ ਆਯੋਜਿਤ ਕੀਤੀਆਂ ਜਾਂਦੀਆਂ ਹਨ। ਇਸੇ ਉਦੇਸ਼ ਨੂੰ ਮੁੱਖ ਰੱਖਦਿਆਂ ਅੱਜ ਸਕੂਲ ਵਿੱਚ ਸਟੂਡੈਂਟ ਕੌਂਸਲ ਦਾ ਗਠਨ ਕੀਤਾ ਗਿਆ ਜਿਸ ਵਿੱਚ ਸਾਰੀ ਹੀ ਸਟੂਡੈਂਟ ਕੌਂਸਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਅਨੁਸ਼ਾਸਨਿਕ ਤਰੀਕੇ ਦੇ ਨਾਲ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਤਾੜੀਆਂ ਦੀ ਗੂੰਜ ਵਿੱਚ ਸਤਿਕਾਰਯੋਗ ਸ਼ਖ਼ਸੀਅਤ ਸਕੂਲ ਪ੍ਰਧਾਨ ਸ: ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਲੈਂਪ ਜਗਾ ਕੇ ਕੀਤੀ। ਉਸ ਤੋਂ ਉਪਰੰਤ ਸਕੂਲ ਦਾ ਝੰਡਾ ਲਹਿਰਾਉਣ ਦੀ ਰਸਮ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ:ਚਰਨ ਸਿੰਘ ਅਤੇ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਨਿਭਾਈ, ਇਸ ਕੌਂਸਲ ਵਿੱਚ ਵੱਖ-ਵੱਖ ਚੁਣੇ ਗਏ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ ਨੇ ਬੈਜ ਦੇ ਕੇ ਸਨਮਾਨਿਤ ਕੀਤਾ, ਸਕੂਲ ਹੈੱਡ ਲੜਕਿਆਂ ਵਿੱਚੋਂ ਆਰੀਅਨ ਸ਼ਰਮਾ ਕਲਾਸ ਬਾਰਵੀਂ ਆਰਟਸ ਨੂੰ ਚੁਣਿਆ ਗਿਆ, ਲੜਕੀਆਂ ਵਿੱਚੋਂ ਹੈੱਡ 12ਵੀਂ ਕਾਮਰਸ ਦੀ ਵਿਦਿਆਰਥਣ ਨਵਨੀਤ ਕੌਰ ਨੂੰ ਚੁਣਿਆ ਗਿਆ, ਇਸ ਤੋਂ ਇਲਾਵਾ ਹਾਊਸ ਦੇ ਕੈਪਟਨ ਅਤੇ ਵਾਈਸ ਕੈਪਟਨ ਨੂੰ ਵੀ ਬੈਜ ਦੇ ਕੇ ਸਨਮਾਨਿਤ ਕੀਤਾ ਗਿਆ, ਸਕੂਲ ਵਿੱਚ ਅਨੁਸ਼ਾਸਨ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਲਈ ਅਨੁਸ਼ਾਸਨ ਦੇ ਲਈ ਇੰਚਾਰਜ ਵਿਦਿਆਰਥੀਆਂ ਦੀ ਵੀ ਚੋਣ ਕੀਤੀ ਗਈ, ਇਸ ਮੌਕੇ ਬੈਂਡ ਗਰੁੱਪ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਅਧਿਆਪਕਾਂ ਦੀ ਗੱਲ ਕੀਤੀ ਜਾਵੇ ਤਾਂ ਵੱਖ-ਵੱਖ ਵਿਭਾਗਾਂ ਦੇ ਮੁਖੀ ਚੁਣੇ ਗਏ ਅਤੇ ਵੱਖ-ਵੱਖ ਹਾਊਸ ਇੰਚਾਰਜ ਅਧਿਆਪਕਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਇਸ ਤੋਂ ਇਲਾਵਾ ਕਲਾਸ ਮੋਨੀਟਰਾਂ ਨੂੰ ਵੀ ਬੈਜ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਪ੍ਰਧਾਨ ਸ: ਚਰਨ ਸਿੰਘ ਅਤੇ ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਕਿਹਾ ਕਿ ਸਟੂਡੈਂਟ ਕੌਂਸਲ ਨੂੰ ਸਕੂਲ ਵਿੱਚ ਨਿਯੁਕਤ ਕਰਨ ਦਾ ਮੁੱਖ ਮਕਸਦ ਵਿਦਿਆਰਥੀਆਂ ਅੰਦਰ ਲੀਡਰਸ਼ਿਪ ਗੁਣਾਂ ਨੂੰ ਪੈਦਾ ਕਰਨਾ ਹੈ। ਤੇ ਅਸੀਂ ਉਮੀਦ ਕਰਦੇ ਹਾਂ ਕਿ ਨਿਯੁਕਤ ਕੀਤੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਆਪਣੀਆਂ ਡਿਊਟੀਆਂ ਬਾਖੂਬੀ ਨਿਭਾਉਣਗੇ, ਉਨ੍ਹਾਂ ਅੱਗੇ ਕਿਹਾ ਕਿ ਸਾਡੇ ਸਕੂਲ ਦਾ ਮਿਹਨਤੀ ਸਟਾਫ਼ ਬੱਚਿਆਂ ਦਾ ਭਵਿੱਖ ਉਜਵਲ ਬਣਾਉਣ ਲਈ ਲਗਾਤਾਰ ਮਿਹਨਤ ਕਰ ਰਿਹਾ ਹੈ। ਤਾਂ ਜੋ ਬੱਚੇ ਵਿੱਦਿਆ ਦੇ ਖੇਤਰ ਵਿੱਚ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ-ਨਾਲ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ, ਅੰਤ ਵਿੱਚ ਉਨ੍ਹਾਂ ਸਭ ਨੂੰ ਵਧਾਈ ਦੇਣ ਦੇ ਨਾਲ ਨਾਲ ਆਪਣੀ ਜਿੰਮੇਵਾਰੀ ਨੂੰ ਸਮਝਣ ਅਤੇ ਸੁਚੱਜੇ ਢੰਗ ਨਾਲ ਨਿਭਾਉਣ ਲਈ ਕਿਹਾ, ਵਿਦਿਆਰਥੀ, ਵਿਦਿਆਰਥਣਾਂ ਅਤੇ ਸਟਾਫ ਨੇ ਪੂਰੀ ਜ਼ਿੰਮੇਵਾਰੀ ਨਾਲ ਡਿਊਟੀਆਂ ਨਿਭਾਉਣ ਲਈ ਭਰੋਸਾ ਦਿਵਾਇਆ, ਤੇ ਸਟੂਡੈਂਟਸ ਕੌਂਸਲ ਨੇ ਸੁੰਹ ਚੁੱਕੀ ਅੰਤ ਵਿੱਚ ਸਕੂਲ ਵੱਲੋਂ ਉਲੀਕਿਆ ਸਟੂਡੈਂਟਸ ਸੁੰਹ ਚੁੱਕ ਸਮਾਗਮ ਯਾਦਗਾਰੀ ਹੋ ਨਿੱਬੜਿਆ, ਇਸ ਮੌਕੇ ਸਮੂਹ ਸਕੂਲ ਸਟਾਫ਼ ਅਤੇ ਬੱਚੇ ਹਾਜ਼ਰ ਸਨ।

## ਮੁੱਖ ਮੰਤਰੀ ਪੰਜਾਬ ਮਾਨ ਦਾ ਡੀਸੀ, ਡੀਆਈਜੀ, ਐਸਐਸਪੀ ਤੇ ਜ਼ਿਲ੍ਹੇ ਦੇ ਟਾਪਰ ਵਿਦਿਆਰਥੀਆਂ ਨੇ ਕੀਤਾ ਸਵਾਗਤ



ਬਠਿੰਡਾ, 28 ਮਈ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਅੱਜ ਇਥੇ ਸਥਾਨਕ ਲੇਕ ਵਿਊ ਗੈਸਟ ਹਾਊਸ ਵਿਖੇ ਪਹੁੰਚਣ 'ਤੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ, ਡੀਆਈਜੀ ਬਠਿੰਡਾ ਰੇਂਜ ਸ. ਹਰਜੀਤ ਸਿੰਘ, ਐਸਐਸਪੀ ਮੈਡਮ ਅਮਨੀਤ ਕੌਂਡਲ ਅਤੇ ਜ਼ਿਲ੍ਹੇ ਦੇ 10ਵੀਂ ਅਤੇ 12ਵੀਂ ਜਮਾਤ ਦੇ 12 ਟਾਪਰ ਵਿਦਿਆਰਥੀਆਂ ਨੇ ਭਰਵਾ ਸਵਾਗਤ ਕੀਤਾ। ਇਸ ਦੌਰਾਨ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਜਿੱਥੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਭਵਿੱਖੀ ਜੀਵਨ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ਉੱਥੇ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਵੀ ਕੀਤਾ। ਇਸ ਤੋਂ ਪਹਿਲਾਂ 'ਇਕ ਦਿਨ ਡੀ.ਸੀ/ਐਸ.ਐਸ.ਪੀ. ਦੇ ਨਾਲ' ਪ੍ਰੋਗਰਾਮ ਤਹਿਤ ਅੱਜ ਦਸਵੀਂ ਅਤੇ ਬਾਰ੍ਹਵੀਂ ਜਮਾਤਾਂ 'ਚ ਮੋਹਰੀ ਸਥਾਨ ਹਾਸਿਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਤੇ ਐਸ.ਐਸ.ਪੀ. ਮੈਡਮ ਅਮਨੀਤ ਕੌਂਡਲ ਨਾਲ ਸਵੇਰ ਦਾ ਨਾਸ਼ਤਾ ਕੀਤਾ। ਇਸ ਦੌਰਾਨ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਤਸੱਲੀਬਖਸ਼ ਜਵਾਬ ਦੇ ਕੇ ਉਨ੍ਹਾਂ ਦੀ ਜਗਿਆਸਾ ਸ਼ਾਂਤ ਕੀਤੀ। ਉਨ੍ਹਾਂ ਆਪਣਾ ਇਥੋਂ ਤੱਕ ਪਹੁੰਚਣ ਦਾ ਸਫਰ ਵੀ ਸਾਂਝਾ ਕੀਤਾ। ਉਨ੍ਹਾਂ ਵਲੋਂ ਵਿਦਿਆਰਥੀਆਂ ਨੂੰ ਇੱਕ-ਇੱਕ ਪ੍ਰੇਰਨਦਾਇਕ ਕਿਤਾਬ ਅਤੇ ਸਨਮਾਨ ਚਿੰਨ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਵਲੋਂ ਪੂਰੇ ਦਿਨ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਦੀ ਕਾਰਜ ਪ੍ਰਣਾਲੀ ਤੋਂ ਇਲਾਵਾ ਦਫਤਰੀ ਕੰਮ-ਕਾਜ਼ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਅਨੌਖੀ ਪਹਿਲਕਦਮੀ ਦਾ ਉਦੇਸ਼ ਨਾ ਕੇਵਲ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਿਤ ਕਰਨਾ ਸੀ, ਸਗੋਂ ਉਨ੍ਹਾਂ ਨੂੰ ਪ੍ਰਸ਼ਾਸਨਿਕ ਅਨੁਭਵ, ਲੀਡਰਸ਼ਿਪ ਅਤੇ ਪੁਲਿਸ ਸੇਵਾ ਦੀਆਂ ਜ਼ਮੀਨੀ ਹਕੀਕਤਾਂ ਤੋਂ ਜਾਣੂ ਕਰਵਾਉਣਾ ਵੀ ਸੀ।ਇਸ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਨਾ ਕੇਵਲ ਸਿਵਲ ਪ੍ਰਸ਼ਾਸਨ ਦੇ ਕੰਮਕਾਜ਼ ਤੋਂ ਜਾਣੂ ਕਰਵਾਇਆ ਗਿਆ ਸਗੋਂ ਉਨ੍ਹਾਂ 'ਚ ਲੀਡਰਸ਼ਿਪ, ਅਨੁਸ਼ਾਸਨ ਤੇ ਲੋਕ ਸੇਵਾ ਦੀ ਭਾਵਨਾ ਵੀ ਭਰੀ। । ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਉਹਨਾਂ ਦੇ ਜੀਵਨ ਦਾ ਇਕ ਵਿਲੱਖਣ ਮੌਕਾ ਸੀ ਜਿਸ ਨੇ ਉਨ੍ਹਾਂ ਨੂੰ ਪੰਜਾਬ ਦੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀ ਪ੍ਰਕਿਰਿਆ, ਲੀਡਰਸ਼ਿਪ ਤੇ ਜਨਤਕ ਸੇਵਾਵਾਂ ਦੀਆਂ ਬਾਰੀਕੀਆਂ ਨੂੰ ਸਮਝਣ ਦਾ ਮੌਕਾ ਦਿੱਤਾ। ਉਨ੍ਹਾਂ ਨੇ ਇਸ ਅਨੁਭਵ ਨੂੰ ਅਭੁੱਲ ਅਤੇ ਪ੍ਰੇਰਨਾਦਾਇਕ ਦੱਸਿਆ ਅਤੇ ਕਿਹਾ ਕਿ ਇਹ ਉਨ੍ਹਾਂ ਨੂੰ ਆਪਣੇ ਭਵਿੱਖ ਦੇ ਟੀਚੇ ਨਿਰਧਾਰਤ ਕਰਨ ਵਿਚ ਮਦਦ ਕਰੇਗਾ।

### ਡੀ.ਸੀ. ਟੀ ਬੈਨਿਥ ਨੇ ਟੌਪਰ ਵਿਦਿਆਰਥੀਆਂ ਨੂੰ ਦੱਸੇ ਗੁਰ

# ਸਫ਼ਲ ਹੋਣ ਲਈ ਮਿਹਨਤ ਜਾਰੀ ਰੱਖੋ; ਅਧਿਆਪਕਾਂ ਤੇ ਮਾਪਿਆਂ ਵੱਲ ਧਿਆਨ ਦਿਓ

■ ਜ਼ਿਲ੍ਹਾ ਬਰਨਾਲਾ ਦੇ ਟੌਪਰਾਂ ਨੇ ਡੀ.ਸੀ., ਐਸ.ਐਸ.ਪੀ. ਨਾਲ ਬਿਤਾਇਆ ਦਿਨ

■ ਵਿਦਿਆਰਥੀਆਂ ਨੇ ਸਰਕਾਰੀ ਦਫਤਰਾਂ ਦਾ ਕੰਮ-ਕਾਜ ਵੇਖਿਆ • ਵਿਭਾਗਾਂ ਦੇ ਮੁਕੱਦਮਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ









**ਬਰਨਾਲਾ, 28 ਮਈ (ਆਵਾਜ਼ਿ ਕੌਮ ਬਿਊਰੋ)**-ਦਸਵੀਂ ਅਤੇ ਬਾਰਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਅੱਵਲ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੇ ਅੱਜ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਅਤੇ ਐਸ.ਐਸ.ਪੀ. ਮੁਹੰਮਦ ਸਰਫਰਾਜ਼ ਆਲਮ ਨਾਲ ਅੱਜ ਦਾ ਦਿਨ ਬਿਤਾਇਆ। ਵਿਦਿਆਰਥੀਆਂ ਨੇ ਆਪਣੇ ਦਿਨ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਨਾਸ਼ਤਾ ਕਰਕੇ ਕੀਤੀ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਕਿਵੇਂ ਜਨਤਕ ਛੁੱਟੀਆਂ ਅਤੇ ਐਮਰਜੈਂਸੀ ਵਾਲੇ ਦਿਨਾਂ ਵਿੱਚ ਡਿਪਟੀ ਕਮਿਸ਼ਨਰ ਦੀ ਰਿਹਾਇਸ਼ ਨੂੰ ਕੰਟਰੋਲ ਰੂਮ ਦੇ ਨਾਲ-ਨਾਲ ਦਫ਼ਤਰ ਦੇ ਰੂਪ 'ਚ ਵਰਤਿਆ ਜਾਂਦਾ ਹੈ ਅਤੇ ਕੰਮ ਕੀਤਾ ਜਾਂਦਾ ਹੈ। ਨਾਸ਼ਤੇ ਦੌਰਾਨ ਉਨ੍ਹਾਂ ਡਿਪਟੀ ਕਮਿਸ਼ਨਰ ਨਾਲ ਗੱਲਬਾਤ ਕੀਤੀ ਕਿ ਕਿਵੇਂ ਉਨ੍ਹਾਂ ਨੇ ਆਈ.ਆਈ.ਟੀ. ਗ੍ਰੈਜੂਏਟ ਹੋਣ ਤੋਂ ਲੈ ਕੇ ਸਿਵਿਲ ਸੇਵਾਵਾਂ ਪ੍ਰੀਖਿਆ ਪਾਸ ਕਰਨ ਅਤੇ ਫੇਰ ਆਈ. ਏ. ਐੱਸ ਬਣਨ ਤੱਕ ਦਾ ਸਫ਼ਰ ਕੀਤਾ। ਇਸ ਤੋਂ ਬਾਅਦ ਡੀ ਸੀ ਦਫਤਰ ਵਿਖੇ ਵਿਦਿਆਰਥੀ ਡਿਪਟੀ ਕਮਿਸ਼ਨਰ ਸ਼੍ਰੀ ਟੀ ਬੈਨਿਥ ਦੀ ਪ੍ਰਧਾਨਗੀ ਹੇਠ ਹੋਈ ਜਨਤਕ ਸ਼ਿਕਾਇਤਾਂ ਦੀ ਮੀਟਿੰਗ ਵਿੱਚ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਸਮੂਹ ਸਰਕਾਰੀ ਵਿਭਾਗਾਂ ਦੇ ਮੁਖੀਆਂ ਨੇ ਸ਼ਿਰਕਤ ਕੀਤੀ, ਜਿਸ ਵਿੱਚ ਜਨਤਕ ਸ਼ਿਕਾਇਤਾਂ ਦੇ ਮੁੱਦੇ, ਜਨਤਕ ਸਮੱਸਿਆਵਾਂ ਨੂੰ ਪ੍ਰਕਾਸ਼ਿਤ ਕਰਨ ਵਾਲੀਆਂ ਅਖਬਾਰੀ ਰਿਪੋਰਟਾਂ 'ਤੇ ਕੀਤੀ ਗਈ ਕਾਰਵਾਈ ਅਤੇ ਵੱਖ-ਵੱਖ ਵਿਭਾਗਾਂ ਦੇ ਮੁਕੱਦਮਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਵਿਦਿਆਰਥੀਆਂ ਨਾਲ ਗੱਲ ਕਰਦੇ ਹੋਏ ਸ਼੍ਰੀ ਟੀ ਬੈਨਿਥ ਨੇ ਕਿਹਾ ਕਿ ਚੰਗੇ ਨੰਬਰ ਪ੍ਰਾਪਤ ਕਰਕੇ ਬੋਰਡ ਦੇ ਪੇਪਰਾਂ 'ਚ ਮਿਲੀ ਸਫਲਤਾ ਨੂੰ ਹੀ ਉਹ ਆਪਣਾ ਟੀਚਾ ਨਾ ਸਮਝਣ। ਉਨ੍ਹਾਂ ਬੱਚਿਆਂ ਨੂੰ ਪ੍ਰੇਰਤ ਕੀਤਾ ਕਿ ਉਹ ਆਪਣੇ ਆਪ 'ਤੇ ਮਾਣ ਜ਼ਰੂਰ ਮਹਿਸੂਸ ਕਰਨ ਪਰ ਨਾਲ ਹੀ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਚੰਗੇ ਅਤੇ ਸੁਰੱਖਿਅਤ ਭਵਿੱਖ ਲਈ ਆਪਣੇ ਅਧਿਆਪਕਾਂ ਅਤੇ ਮਾਪਿਆਂ ਦੀਆਂ ਗੱਲਾਂ ਵੱਲ ਪੂਰਾ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਡੀਸੀ ਦਫ਼ਤਰ ਦੇ ਬਾਹਰ ਲੱਗੇ ਡਿਸਪਲੇਅ ਬੋਰਡਾਂ 'ਤੇ ਵਿਦਿਆਰਥੀਆਂ ਦੇ ਨਾਂ ਲਗਾਏ ਜਾਣ ਤਾਂ ਜੋ ਹੋਰ ਵਿਦਿਆਰਥੀ ਵੀ ਉਨ੍ਹਾਂ ਤੋਂ ਪ੍ਰੇਰਨਾ ਲੈਣ। ਇਸ ਮਗਰੋਂ ਵਿਦਿਆਰਥੀਆਂ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ, ਪ੍ਰਸ਼ਾਸਨਿਕ ਸੁਧਾਰਾਂ ਦੇ ਈ-ਗਵਰਨੈਂਸ ਕੇਂਦਰ, ਡੀ.ਸੀ. ਅਤੇ ਐਸ.ਐਸ.ਪੀ. ਦਫ਼ਤਰਾਂ ਦੀਆਂ ਵੱਖ-ਵੱਖ ਸ਼ਾਖਾਵਾਂ, ਰੁਜ਼ਗਾਰ ਬਿਊਰੋ, ਸੇਵਾ ਕੇਂਦਰ ਅਤੇ ਰੈੱਡ ਕਰਾਸ ਸੁਸਾਇਟੀ ਦਫ਼ਤਰ ਦਾ ਦੌਰਾ ਕੀਤਾ। ਬਾਅਦ ਵਿੱਚ ਉਨ੍ਹਾਂ ਨੇ ਏਡੀਸੀ (ਜਨਰਲ) ਅਨੁਪ੍ਰਿਤਾ ਜੌਹਲ ਨਾਲ ਵੀ ਗੱਲਬਾਤ ਕੀਤੀ ਅਤੇ ਡੀ.ਸੀ. ਅਤੇ ਐਸ.ਐਸ.ਪੀ. ਨਾਲ ਬਿਤਾਏ ਦਿਨ ਦੇ ਆਪਣੇ ਤਜਰਬੇ ਸਾਂਝੇ ਕੀਤੇ। 10ਵੀਂ ਜਮਾਤ ਵਿਦਿਆਰਥੀਆਂ ਵਿੱਚ ਸਰਵਹਿਤਕਾਰੀ ਸਕੂਲ ਦੇ ਅਮਰਿੰਦਰ ਸਿੰਘ (ਜ਼ਿਲ੍ਹੇ ਵਿੱਚੋਂ ਪਹਿਲਾ ਅਤੇ ਰਾਜ ਵਿੱਚੋਂ 18ਵਾਂ), ਸ਼ਹੀਦ ਜਸ਼ਨਦੀਪ ਸਿੰਘ ਸਰਾਂ ਸਰਕਾਰੀ ਹਾਈ ਸਕੂਲ ਨੈਣੇਵਾਲ ਦੀ ਜਸਮੀਨ ਕੌਰ ਅਤੇ ਸਤਹਿਤਕਾਰੀ ਵਿੱਦਿਆ ਮੰਦਰ ਤੋਂ ਇਸ਼ਾਨ ਸਿੰਗਲਾ (ਦੋਵਾਂ ਨੇ ਜ਼ਿਲ੍ਹੇ ਵਿੱਚੋਂ 21ਵਾਂ ਸਥਾਨ ਪ੍ਰਾਪਤ ਕੀਤਾ) ਸ਼ਾਮਲ ਸਨ। ਇਨ੍ਹਾਂ 'ਚ ਕਮਲਦੀਪ ਕੌਰ ਸ਼ਹੀਦ ਜਸ਼ਨਦੀਪ ਸਿੰਘ ਸਰਾ ਸਰਕਾਰੀ ਹਾਈ ਸਕੂਲ ਨੈਣੇਵਾਲ ਦੀ ਵਿਦਿਆਰਥਣ ਜਿਸ ਨੇ ਜ਼ਿਲ੍ਹੇ 'ਚ ਤੀਜਾ ਅਤੇ ਸੂਬੇ 'ਚ 22ਵਾਂ ਸਥਾਨ ਪ੍ਰਾਪਤ ਕੀਤਾ, ਵੀ ਹਾਜ਼ਰ ਸੀ। ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਮੈਡੀਕਲ ਵਿੱਚ ਸਟੇਟ ਟਾਪਰ ਸਰਵਹਿਤਕਾਰੀ ਵਿਦਿਆ ਮੰਦਰ ਦੀ ਹਰਸੀਰਤ ਕੌਰ ਜਿਸਨੇ ਮੈਡੀਕਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਹਿਣਾ ਦੀ ਸ਼ਿਹਨਾਜ਼ ਜਿਸਨੇ ਹਿਊਮੈਨਟੀਜ਼ ਗਰੁੱਪ ਵਿੱਚ ਰਾਜ ਭਰ ਵਿੱਚ ਪੰਜਵਾਂ ਸਥਾਨ ਪ੍ਰਾਪਤ ਕੀਤਾ, ਸਰਵਹਿਤਕਾਰੀ ਵਿਦਿਆ ਮੰਦਰ ਦੀ ਮੋਹਿਨੀ ਜਿਸਨੇ ਕਾਮਰਸ ਵਿੱਚ 10ਵਾਂ ਸਥਾਨ ਪ੍ਰਾਪਤ ਕੀਤਾ ਅਤੇ ਜਸਪ੍ਰੀਤ ਕੌਰ ਸੰਤ ਬਾਬਾ ਲੌਂਗਪੁਰੀ ਆਦਰਸ਼ ਸਕੂਲ ਪੱਖੋਂ ਕਲਾਂ ਦੀ ਵਿਦਿਆਰਥਣ ਜਿਸ ਨੇ ਸੂਬੇ 'ਚ ਵਿੱਚ 14ਵਾਂ ਸਥਾਨ ਵੀ ਹਾਜ਼ਰ ਸਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ, ਸਹਾਇਕ ਕਮਿਸ਼ਨਰ ਜੁਗਰਾਜ ਸਿੰਘ ਕਾਹਲੋਂ, ਜ਼ਿਲ੍ਹਾ ਸਿਖਿਆ ਅਫਸਰ (ਸ) ਸੁਨੀਤਇੰਦਰ ਸਿੰਘ ਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

### ਪੋਸਟਰ ਜਾਰੀ; ਵੱਖ ਵੱਖ ਥਾਈਂ ਕਰਾਏ ਜਾਗਰੂਕਤਾ ਸਮਾਗਮ

# ਮਾਹਵਾਰੀ ਦੌਰਾਨ ਸਿਹਤ ਸੰਭਾਲ ਰੱਖਣ ਬਾਰੇ ਜਾਗਰੂਕਤਾ ਬੇਹੱਦ ਜ਼ਰੂਰੀ: ਸਿਵਲ ਸਰਜਨ



ਬਰਨਾਲਾ, 28 ਮਈ (ਆਵਾਜ਼ਿ ਕੌਮ ਬਿਊਰੋ)-ਸਿਹਤ ਵਿਭਾਗ ਬਰਨਾਲਾ ਵੱਲੋਂ ਡਾ. ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਰਾਸ਼ਟਰੀ ਕਿਸ਼ੋਰ ਸਵਾਸਥ ਕਾਰਿਆਕਰਮ ਅਧੀਨ ਮਾਹਵਾਰੀ ਸਫਾਈ ਦਿਵਸ ਤਹਿਤ ਲੜਕੀਆਂ ਤੇ ਔਰਤਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਤੇ ਸਿਹਤ ਸੰਸਥਾਵਾਂ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਹ ਜਾਣਕਾਰੀ ਸਿਵਲ ਸਰਜਨ ਬਰਨਾਲਾ ਡਾ. ਬਲਜੀਤ ਸਿੰਘ ਵੱਲੋਂ ਜਾਗਰੂਕਤਾ ਪੋਸਟਰ ਜਾਰੀ ਕਰਨ ਸਮੇਂ ਦਿੱਤੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਡਾ. ਗੁਰਬਿੰਦਰ ਕੌਰ ਜ਼ਿਲ੍ਹਾ ਟੀਕਾਕਰਨ ਅਫਸਰ/ਨੋਡਲ ਅਫਸਰ ਅਤੇ ਡੀ ਐਮ ਸੀ ਡਾ. ਗੁਰਮਿੰਦਰ ਕੌਰ ਔਜਲਾ ਨੇ ਦੱਸਿਆ ਕਿ ਲੜਕੀਆਂ ਅਤੇ ਔਰਤਾਂ ਨੂੰ ਮਾਹਵਾਰੀ ਤੋਂ ਘਬਰਾਉਣਾ ਨਹੀਂ ਚਾਹੀਦਾ। ਮਾਹਵਾਰੀ ਦੌਰਾਨ ਬੱਚੇਦਾਨੀ ਵਿੱਚ ਵਾਧੂ ਟਿਸ਼ੂ ਲਾਈਨਿੰਗ ਅਤੇ ਅਪੂਰਨ ਅੰਡੇ ਖ਼ੂਨ ਰਾਹੀ ਬਾਹਰ ਨਿਕਲਦੇ ਹਨ। ਮਾਹਵਾਰੀ ਦੇ ਪਹਿਲੇ ਦਿਨ ਤੋਂ ਅਗਲੀ ਮਾਹਵਾਰੀ ਦੇ ਖ਼ੂਨ ਵਹਿਣ ਦੇ ਪਹਿਲੇ ਦਿਨ ਦੇ ਵਿਚਕਾਰ ਦੇ ਸਮੇਂ ਨੂੰ ਮਾਹਵਾਰੀ ਚੱਕਰ ਕਿਹਾ ਜਾਂਦਾ ਹੈ। ਓਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਸਾਫ-ਸਫਾਈ ਰੱਖਣਾ, ਤਾਜ਼ੇ ਫਲ ਅਤੇ ਹਰੀਆਂ ਸਬਜ਼ੀਆਂ ਖਾਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸਿਵਲ ਸਰਜਨ ਨੇ ਦੱਸਿਆ ਕਿ ਅੱਜ ਆਰ ਬੀ ਐੱਸ ਕੇ ਟੀਮਾਂ ਵਲੋਂ ਬਰਨਾਲਾ ਤੋਂ ਇਲਾਵਾ ਤਪਾ, ਧਨੌਲਾ, ਮਹਿਲ ਕਲਾਂ ਆਦਿ ਸਿਹਤ ਕੇਂਦਰਾਂ ਅਤੇ ਸਕੂਲਾਂ ਵਿਚ ਜਾਗਰੂਕਤਾ ਪ੍ਰੋਗਰਾਮ ਕਰਾਏ ਗਏ, ਜਿਨ੍ਹਾਂ ਰਾਹੀਂ ਔਰਤਾਂ ਨੂੰ ਮਾਹਵਾਰੀ ਸਬੰਧੀ ਗਲਤ ਧਾਰਨਾਵਾਂ ਬਾਰੇ ਸਹੀ ਤੱਥ ਦੱਸ ਕੇ ਜਾਗਰੂਕ ਕੀਤਾ ਗਿਆ। ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵਿੱਚ ਮੈਡਮ ਸੁਖਪਾਲ ਕੌਰ ਜ਼ਿਲ੍ਹਾ ਆਰ ਬੀ ਐਸ ਕੇ ਕੋਆਰਡੀਨੇਟਰ, ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫਸਰ, ਹਰਜੀਤ ਸਿੰਘ ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਤੇ ਸਿਹਤ ਵਿਭਾਗ ਦਾ ਸਟਾਫ਼ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਪੰਥਕ ਏਕਤਾ ਨੂੰ ਲੈ ਕੇ ਸਰਦਾਰ ਸੁਖਬੀਰ ਸਿੰਘ ਜੀ ਬਾਦਲ ਅਤੇ ਪਰਮਜੀਤ ਸਿੰਘ ਵੀਰਜੀ ਵਿਚਕਾਰ ਹੋਈ ਵਿਚਾਰ ਚਰਚਾ



ਨਵੀਂ ਦਿੱਲੀ 28 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਜੀ ਬਾਦਲ ਅਤੇ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਵਿਚਕਾਰ ਪੰਥਕ ਏਕਤਾ ਅਤੇ ਪੰਥ ਦੇ ਕੁਝ ਗੰਭੀਰ ਮੁੱਦਿਆਂ ਤੇ ਡੂੰਘੀ ਵਿਚਾਰ ਚਰਚਾ ਹੋਈ ਹੈ। ਇਸ ਬਾਰੇ ਜਾਣਕਾਰੀ ਦੇਂਦਿਆ ਵੀਰਜੀ ਨੇ ਦਸਿਆ ਕਿ ਬੀਤੇ ਦਿਨੀਂ ਹੋਈ ਮੁਲਾਕਾਤ ਵਿਚ ਸੁਖਬੀਰ ਸਿੰਘ ਜੀ ਬਾਦਲ ਵਲੋਂ ਬਹੁਤ ਹੀ ਚੰਗਾ ਹੁਲਾਰਾ ਮਿਲਿਆ ਹੈ ਤੇ ਉਨ੍ਹਾਂ ਨਾਲ ਪੰਥ ਦੇ ਗੰਭੀਰ ਮੁਦਿਆਂ ਦੇ ਨਾਲ ਪੰਥ ਵਿੱਚ ਏਕਤਾ ਨੂੰ ਲੈ ਕੇ ਚਰਚਾ ਹੋਈ। ਉਨ੍ਹਾਂ ਦਸਿਆ ਕਿ ਸੁਖਬੀਰ ਸਿੰਘ ਬਾਦਲ ਵਲੋਂ ਪੰਥ ਦੀ ਚੜ੍ਹਦੀਕਲਾ ਲਈ ਬਹੁਤ ਸੁਚੱਜੇ ਢੰਗ ਨਾਲ ਆਪਣੇ ਵਿਚਾਰ ਪੇਸ਼ ਕੀਤੇ ਸਨ ਤੇ ਉਨ੍ਹਾਂ ਨੇ ਮੌਜੂਦਾ ਹਾਲਾਤਾਂ ਤੇ ਗਹਿਰੀ ਚਿੰਤਾ ਵੀਂ ਜ਼ਾਹਿਰ ਕੀਤੀ ਸੀ । ਉਨ੍ਹਾਂ ਦਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਆਏ ਨਿੱਘਾਰ ਅਤੇ ਉਨ੍ਹਾਂ ਬਾਰੇ ਆਏ ਦਿਨ ਮਿਲ ਰਹੀਆਂ ਨਮੋਸ਼ੀਜਨਕ ਖਬਰਾਂ ਬਾਰੇ ਵੀਂ ਓਹ ਚਿੰਤਤ ਸਨ। ਵਿਚਾਰ ਚਰਚਾ ਉਪਰੰਤ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਵਲੋਂ ਪਰਮਜੀਤ ਸਿੰਘ ਵੀਰਜੀ ਅਤੇ ਭਾਈ ਸਤਪਾਲ ਸਿੰਘ ਜੀ ਨੇ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਯਾਦਗਾਰੀ ਮੋਮੈਂਟੋ ਦੇਕੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਸੀਤਲ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਗੁਰਤੇਜ ਸਿੰਘ ਵੀ ਹਾਜ਼ਰ ਸਨ।

## ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੁਨੀਆਂ ਦੀ ਚੌਥੀ ਵੱਡੀ ਅਰਥਵਿਵਸਥਾ ਬਣਿਆ ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ ) ਜਦੋ ਤੋਂ ਕੇਂਦਰ ਵਿੱਚ ਮੋਦੀ ਸਰਕਾਰ ਨੇ ਸੱਤਾ ਸੰਭਾਲੀ ਹੈ, ਉਦੋਂ ਤੋਂ ਭਾਰਤੀ ਫੌਜਾਂ ਨੂੰ ਤਕੜਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਮੇਕਿੰਗ ਇੰਡੀਆ ਅਭਿਆਨ ਤਹਿਤ ਫੌਜਾਂ ਲਈ ਜਿਆਦਾਤਰ ਹਥਿਆਰ ਦੇਸ਼ ਵਿੱਚ ਹੀ ਬਣ ਰਹੇ ਹਨ। ਇਸ ਤੋਂ ਇਲਾਵਾ ਰਾਫ਼ੇਲ ਅਤੇ ਐਸ 400 ਵਰਗੇ ਸਿਸਟਮਾਂ ਨਾਲ ਦੇਸ਼ ਦੀਆਂ ਫੌਜਾਂ ਨੂੰ ਲੈਸ ਕਰਨ ਵਿੱਚ ਕੋਈ ਕਮੀ ਨਹੀਂ ਛੱਡੀ ਗਈ। ਜਿਸ ਦੀ ਬਦੌਲਤ ਅੱਜ ਭਾਰਤੀ ਫੌਜਾਂ ਇਨੀਆਂ ਮਜਬੂਤ ਹਨ ਕੀ ਸਰਹੱਦਾਂ ਤੇ ਨਾਪਾਕ ਹਰਕਤਾਂ ਕਰਨ ਵਾਲੇ ਮੁਲਕਾਂ ਨੂੰ ਉਨਾਂ ਦੀ ਹੀ ਭਾਸ਼ਾ ਵਿੱਚ ਜਵਾਬ ਦਿੱਤਾ ਜਾਂਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕ੍ਰਿਸਨ ਗੋਪਾਲ ਨੀਲੂ ਮਿੱਤਲ ਜਿਲ੍ਹਾ ਮੀਤ ਪ੍ਰਧਾਨ ਭਾਰਤੀ ਜਨਤਾ ਪਾਰਟੀ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਸੀਜ਼ਨ 2025-26 ਲਈ ਝੋਨੇ ਦੀ 69 ਵਧਾ ਕੇ 2320 ਤੋਂ ਗਰੇਡ ਏ ਲਈ 2389 ਕਰ ਦਿੱਤੀ ਹੈ। ਅਤੇ ਹੋਰ ਫਸਲਾਂ ਵਿੱਚ ਵੀ ਕਾਫੀ ਵਾਧਾ ਕੀਤਾ ਹੈ। ਇਸ ਦੇ ਨਾਲ ਨਾਲ ਹੀ ਭਾਰਤ ਦੇਸ਼ ਦੁਨੀਆਂ ਦੀ ਚੌਥੀ ਵੱਡੀ ਅਰਥਵਿਵਸਥਾ ਬਣ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਜਲਦ ਹੀ ਤੀਜੀ ਵੱਡੀ ਅਰਥਵਿਵਸਥਾ ਬਣਨ ਦੀ ਰਾਹ ਤੇ ਹੈ ਆਪਰੇਸ਼ਨ ਸੰਦੂਰ ਦੀ ਕਾਮਯਾਬੀ ਤੋਂ ਬਾਅਦ ਸਾਰੇ ਦੇਸ਼ ਵਿੱਚ ਪੂਰਾ ਜੋਸ਼ ਹਾਈ ਹੈ ਅਤੇ ਅਸੀਂ ਉਮੀਦ ਕਰਦੇ ਹਾਂ ਕਿ ਸਾਡੀ ਮੋਦੀ ਸਰਕਾਰ ਜਲਦ ਹੀ ਪੀਕੇ ਤੇ ਵੀ ਭਾਰਤੀ ਝੰਡਾ ਲਹਿਰਾਂਏਗੀ।

## ਊਨਾ ਰੋਡ ਦੀ ਮੁਰੰਮਤ ਦਾ ਕੰਮ ਜਲਦ ਹੋਵੇਗਾ ਸ਼ੁਰੂ : ਬ੍ਰਮ ਸ਼ੰਕਰ ਜਿੰਪਾ

### ਵਿਧਾਇਕ ਨੇ ਕੇਂਦਰ ਸਰਕਾਰ ਦੇ ਸੀਨੀਅਰ ਅਧਿਕਾਰੀ ਕੋਲ ਉਠਾਇਆ ਮੁੱਦਾ

**ਹੁਸ਼ਿਆਰਪੁਰ, 28 ਮਈ (ਆਵਾਜ਼ਿ ਕੌਮ ਬਿਊਰੋ)**-ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਲੰਬੇ ਸਮੇਂ ਤੋਂ ਖਸਤਾ ਹਾਲਤ ਵਿਚ ਪਈ ਊਨਾ ਰੋਡ ਦੀ ਜਲਦ ਹੀ ਮੁਰੰਮਤ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਇਸ ਵਿਸ਼ੇ ਵਿਚ ਕੇਂਦਰ ਸਰਕਾਰ ਦੇ ਸੀਨੀਅਰ ਅਧਿਕਾਰੀ ਐਸ.ਕੇ ਮਿਸ਼ਰਾ ਨਾਲ ਵਿਸਥਾਰਪੂਰਵਕ ਚਰਚਾ ਕੀਤੀ ਹੈ। ਉਨ੍ਹਾਂ ਨੇ ਸੜਕ ਦੀ ਮਾੜੀ ਹਾਲਤ ਅਤੇ ਇਸ ਕਾਰਨ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਮੁੱਦਾ ਪ੍ਰਮੁੱਖਤਾ ਨਾਲ ਉਠਾਇਆ। ਸ੍ਰੀ ਮਿਸ਼ਰਾ ਨੇ ਵਿਧਾਇਕ ਜਿੰਪਾ ਨੂੰ ਭਰੋਸਾ ਦਿੱਤਾ ਕਿ ਇਹ ਸੜਕ ਦਾ ਕੰਮ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ) ਦੇ ਅਧੀਨ ਆਉਂਦਾ ਹੈ ਅਤੇ ਇਸ ਦੀ ਮੁਰੰਮਤ ਦਾ ਕੰਮ ਆਉਂਦੇ 10 ਦਿਨਾਂ ਵਿਚ ਸ਼ੁਰੂ ਕਰ ਦਿੱਤਾ ਜਾਵੇਗਾ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕੇਂਦਰ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਦਾ ਇਸ ਤੁਰੰਤ ਕਾਰਵਾਈ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਨਤਾ ਦੀ ਸੁਰੱਖਿਆ ਅਤੇ ਸਹੂਲਤ ਮੇਰੀ ਪਹਿਲੀ ਵਚਨਬੱਧਤਾ ਹੈ। ਮੈਂ ਹਰੇਕ ਪੱਧਰ 'ਤੇ ਯਤਨ ਕਰ ਰਿਹਾ ਹਾਂ ਕਿ ਇਲਾਕੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਮਿਲਣ। ਉਨ੍ਹਾਂ ਅੱਗੇ ਕਿਹਾ ਕਿ ਊਨਾ ਰੋਡ 'ਤੇ ਹਾਦਸਿਆਂ ਅਤੇ ਟ੍ਰੈਫਿਕ ਜਾਮ ਨੇ ਜਨ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਅਜਿਹੀ ਸਥਿਤੀ ਵਿਚ ਇਹ ਕੰਮ, ਜੋ ਜਲਦੀ ਹੀ ਸ਼ੁਰੂ ਹੋਣ ਜਾ ਰਿਹਾ ਹੈ, ਜਨਤਾ ਲਈ ਇਕ ਰਾਹਤ ਦਾ ਤੋਹਫ਼ਾ ਹੈ। ਵਿਧਾਇਕ ਨੇ ਲੋਕਾਂ ਨੂੰ ਉਸਾਰੀ ਕਾਰਜ ਦੌਰਾਨ ਸਬਰ ਅਤੇ ਸਹਿਯੋਗ ਬਣਾਈ ਰੱਖਣ ਦੀ ਅਪੀਲ ਵੀ ਕੀਤੀ ਤਾਂ ਜੋ ਕੰਮ ਸਮੇਂ ਸਿਰ ਅਤੇ ਸੁਰੱਖਿਅਤ ਢੰਗ ਨਾਲ ਪੂਰਾ ਕੀਤਾ ਜਾ ਸਕੇ।

# ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਵਿਚਕਾਰ ਵੱਧਦਾ ਫਾਸਲਾ



**ਪਿਛਲੇ** ਕੁਝ ਸਾਲਾਂ ਵਿੱਚ ਸਿੱਖਿਆ ਮਾਹਿਰਾਂ ਅਤੇ ਵਿਦਿਆਰਥੀ ਇੱਕ ਦੂਜੇ ਦੇ ਖਿਲਾਫ ਵੱਧਦੇ ਫਾਸਲੇ ਦਾ ਸਾਹਮਣਾ ਕਰ ਰਹੇ ਹਨ, ਜਿਵੇਂ ਕਿ ਦੇਸ਼ ਭਰ ਦੇ ਸਕੂਲਾਂ ਵਿੱਚ ਇੱਕ ਵਧਦਾ ਫਾਸਲਾ ਉੱਭਰ ਰਿਹਾ ਹੈ। ਇਹ ਪਾੜਾ ਜੋ ਤੇਜ਼ੀ ਨਾਲ ਵਿਕਸਤ ਹੋ ਰਹੀਆਂ ਤਕਨਾਲੋਜੀਆਂ, ਬਦਲਦੇ ਸਮਾਜਿਕ ਨਿਯਮਾਂ ਅਤੇ ਵਿਕਸਤ ਹੁੰਦੀਆਂ ਸਿੱਖਿਆ ਦੀਆਂ ਉਮੀਦਾਂ ਦੁਆਰਾ ਪ੍ਰੇਰਿਤ ਹੈ ਸਿੱਖਣ ਅਤੇ ਸਿਖਾਉਣ ਲਈ ਮਹੱਤਵਪੂਰਨ ਚੁਣੌਤੀਆਂ ਪੈਦਾ ਕਰਦਾ ਹੈ।

ਇੱਕ ਸਭ ਤੋਂ ਪ੍ਰਮੁੱਖ ਕਾਰਕ ਜੋ ਇਸ ਵਧਦੇ ਫਾਸਲੇ ਵਿੱਚ ਯੋਗਦਾਨ ਦੇ ਰਿਹਾ ਹੈ ਉਹ ਹੈ ਡਿਜੀਟਲ ਸਿੱਖਿਆ। ਅੱਜ ਦੇ ਵਿਦਿਆਰਥੀ ਜਿਨ੍ਹਾਂ ਨੂੰ ਅਕਸਰ "ਡਿਜੀਟਲ ਨਿਵਾਸੀ" ਕਿਹਾ ਜਾਂਦਾ ਹੈ, ਇੱਕ ਐਸੇ ਯੁੱਗ ਵਿੱਚ ਵੱਡੇ ਹੋਏ ਹਨ ਜੋ ਤਕਨਾਲੋਜੀ ਨਾਲ ਭਰਪੂਰ ਹੈ। ਉਹ ਸੋਸ਼ਲ ਮੀਡੀਆ, ਆਨਲਾਈਨ ਗੇਮਿੰਗ ਅਤੇ ਵੱਖ-ਵੱਖ ਡਿਜੀਟਲ ਪਲੇਟਫਾਰਮਾਂ ਵਿੱਚ ਨਿਪੁੰਨ ਹਨ। ਇਸਦੇ ਵਿਰੁੱਧ, ਬਹੁਤ ਸਾਰੇ ਅਧਿਆਪਕ ਖਾਸ ਕਰਕੇ ਉਹ ਅਧਿਆਪਕ ਜਿਹਨਾਂ ਨੇ ਆਪਣੇ ਕੈਰੀਅਰ ਦੀ ਸ਼ੁਰੂਆਤ ਤਕਨਾਲੋਜੀ ਦੇ ਬੂਮ ਤੋਂ ਪਹਿਲਾਂ ਕੀਤੀ—ਨਵੀਨਤਮ ਟੂਲਾਂ ਅਤੇ ਰੁਝਾਨਾਂ ਨਾਲ ਸਾਂਝ ਪਾਉਣ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ।

ਨੈਸ਼ਨਲ ਐਡੂਕੇਸ਼ਨ ਐਸੋਸੀਏਸ਼ਨ ਦੁਆਰਾ ਕੀਤੇ ਗਏ ਹਾਲੀਆ ਸਰਵੇਖਣ ਦੇ ਅਨੁਸਾਰ 60% ਤੋਂ ਜ਼ਿਆਦਾ ਅਧਿਆਪਕਾਂ ਨੇ ਰਿਪੋਰਟ ਕੀਤਾ ਕਿ ਉਹ ਆਪਣੇ ਪਾਠਾਂ ਵਿੱਚ ਤਕਨਾਲੋਜੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸ਼ਾਮਲ ਕਰਨ ਲਈ ਤਿਆਰ ਨਹੀਂ ਮਹਿਸੂਸ ਕਰਦੇ। ਇਸ ਕਮੀ ਕਾਰਨ ਦੋਹਾਂ ਪੱਖਾਂ 'ਤੇ ਨਿਰਾਸ਼ਾ ਉੱਭਰ ਸਕਦੀ ਹੈ, ਕਿਉਂਕਿ ਵਿਦਿਆਰਥੀ ਉਸ ਸਮੇਂ ਬੇਪਰਵਾਹ ਹੋ ਸਕਦੇ ਹਨ ਜਦੋਂ ਪਾਠ ਉਨ੍ਹਾਂ ਦੇ ਡਿਜੀਟਲ ਜੀਵਨਸ਼ੈਲੀ ਨਾਲ ਜੁੜੇ ਨਹੀਂ ਹੁੰਦੇ।

ਵਿਦਿਆਰਥੀਆਂ ਦੇ ਸੰਚਾਰ ਕਰਨ ਦਾ ਢੰਗ ਵੀ ਨਾਟਕੀ ਤੌਰ 'ਤੇ ਬਦਲ ਗਿਆ ਹੈ। ਟੈਕਸਟਿੰਗ ਅਤੇ ਤੁਰੰਤ ਸੁਨੇਹੇ ਭੇਜਣ ਦੇ ਚੜ੍ਹਦੇ ਰੁਝਾਨ ਨਾਲ, ਬਹੁਤ ਸਾਰੇ ਨੌਜਵਾਨ ਲੋਕ ਪਰੰਪਰਾਗਤ ਮੁਖ-ਮੁਖਾਬਲਾ ਜਾਂ ਈਮੇਲਾਂ ਦੇ ਮੁਕਾਬਲੇ ਛੋਟੀਆਂ, ਗੈਰ-ਰਾਸਮੀ ਗੱਲਬਾਤਾਂ ਨੂੰ ਤਰਜੀਹ ਦਿੰਦੇ ਹਨ। ਅਧਿਆਪਕ ਜੋ ਅਕਸਰ ਹੋਰ ਪਰੰਪਰਾਗਤ ਸੰਚਾਰ ਦੇ ਢੰਗ 'ਤੇ ਨਿਰਭਰ ਕਰਦੇ ਹਨ, ਵਿਦਿਆਰਥੀਆਂ ਨਾਲ ਜੁੜਨ ਵਿੱਚ ਔਖ ਮਹਿਸੂਸ ਕਰ ਸਕਦੇ ਹਨ।

ਸਿੱਖਿਆ ਮਨੋਵਿਗਿਆਨੀ ਦੱਸਦੇ ਹਨ ਕਿ "ਸੰਚਾਰ ਸ਼ੈਲੀਆਂ ਵਿੱਚ ਪੀੜ੍ਹੀਵਾਰ ਫਾਸਲਾ ਸਮਝਦਾਰੀ ਅਤੇ ਵਿਅਕਤੀਗਤ ਅਨੁਭਵਾਂ ਨੂੰ ਪੈਦਾ ਕਰ ਸਕਦਾ ਹੈ। ਜਦੋਂ ਵਿਦਿਆਰਥੀਆਂ ਨੂੰ ਮਹਿਸੂਸ ਹੁੰਦਾ ਹੈ ਕਿ ਉਨ੍ਹਾਂ ਦੀਆਂ ਆਵਾਜ਼ਾਂ ਨਹੀਂ ਸੁਣੀਆਂ ਜਾਂਦੀਆਂ ਜਾਂ ਸਮਝੀਆਂ ਜਾਂਦੀਆਂ, ਤਾਂ ਇਹ ਬੇਪਰਵਾਹੀ ਅਤੇ ਵਿਵਹਾਰਕ ਮੁੱਦਿਆਂ ਦੀਆਂ ਚਿੰਤਾਵਾਂ ਦਾ ਕਾਰਨ ਬਣ ਸਕਦਾ ਹੈ।÷

ਇਸ ਤੋਂ ਇਲਾਵਾ, ਸਿੱਖਿਆ ਦੀਆਂ ਉਮੀਦਾਂ ਵੀ ਬਦਲ ਰਹੀਆਂ ਹਨ। ਅੱਜ ਦੇ ਵਿਦਿਆਰਥੀਆਂ ਨੂੰ ਨਾ ਸਿਰਫ ਅਕਾਦਮਿਕ ਤੌਰ 'ਤੇ ਵਧੀਆ ਕਰਨ ਦੀ ਉਮੀਦ ਕੀਤੀ ਜਾਂਦੀ ਹੈ ਸਗੋਂ ਉਹਨਾਂ ਨੂੰ ਨਿਰਣਾਇਕ ਸੋਚ, ਭਾਵਨਾਤਮਕ ਬੁੱਧੀ ਅਤੇ ਅਨੁਕੂਲਤਾ ਵਿਕਸਤ ਕਰਨ ਦੀ ਵੀ ਉਮੀਦ ਕੀਤੀ ਜਾਂਦੀ ਹੈ। ਸਿੱਖਿਆ ਦੇ ਇਸ ਬਹੁ-ਪੱਖੀ ਦ੍ਰਿਸ਼ਟੀਕੋਣ ਨੇ ਅਧਿਆਪਕਾਂ 'ਤੇ ਵਾਧੂ ਦਬਾਅ ਪੈਦਾ ਕੀਤਾ ਹੈ, ਜੋ ਪਾਠਕ੍ਰਮਾਂ ਦੀਆਂ ਲੋੜਾਂ ਅਤੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਦੀ ਲੋੜਾਂ ਨੂੰ ਸੰਤੁਲਿਤ ਕਰਨ ਲਈ ਕੰਮ ਕਰਨਾ ਚਾਹੁੰਦੇ ਹਨ।

ਸਿੱਖਿਆ ਸਿਖਲਾਈ ਇੰਸਟਿਟਿਊਟ ਦੀ ਇੱਕ ਰਿਪੋਰਟ ਦਰਸਾਉਂਦੀ ਹੈ ਕਿ ਜਦੋਂ ਕਿ 85% ਅਧਿਆਪਕ ਮੰਨਦੇ ਹਨ ਕਿ ਉਹ ਅਕਾਦਮਿਕ ਸਮੱਗਰੀ ਸਿਖਾਉਣ ਲਈ ਤਿਆਰ ਹਨ, ਕੇਵਲ 40% ਮਹਿਸੂਸ ਕਰਦੇ ਹਨ ਕਿ ਉਹ ਸਮਾਜਿਕ-ਭਾਵਨਾ ਸਿਖਾਈ ਦੇਣ ਲਈ ਪ੍ਰਭਾਵਸ਼ਾਲੀ ਹਨ। ਇਹ ਅੰਤਰ ਵਿਦਿਆਰਥੀਆਂ ਨੂੰ ਮਹਿਸੂਸ ਕਰਵਾ ਸਕਦਾ ਹੈ ਕਿ ਉਹਨਾਂ ਦਾ ਸਮਰਥਨ ਨਹੀਂ ਕੀਤਾ ਜਾ ਰਿਹਾ।

ਵੱਧਦਾ ਫਾਸਲਾ ਜਮਾਤ ਦੀਆਂ ਗਤੀਵਿਧੀਆਂ ਵਿੱਚ ਵੀ ਦਿਖਾਈ ਦੇ ਰਿਹਾ ਹੈ। ਅਧਿਆਪਕ ਮਨੋਵਿਗਿਆਨਿਕ ਸੁਭਾਅ ਦੇ ਮੁੱਦਿਆਂ ਅਤੇ ਵਿਦਿਆਰਥੀਆਂ ਤੋਂ ਵਧਦੀ ਬੇਪਰਵਾਹੀ ਦੇ ਵਧਦੇ ਕੇਸਾਂ ਦੀ ਰਿਪੋਰਟ ਕਰ ਰਹੇ ਹਨ, ਜਦੋਂ ਕਿ ਵਿਦਿਆਰਥੀਆਂ ਨੇ ਮਹਿਸੂਸ ਕੀਤਾ ਹੈ ਕਿ ਉਹਨਾਂ ਦੀ ਵਿਚਾਰਧਾਰਾ ਨੂੰ ਕੀਮਤੀ ਨਹੀਂ ਸਮਝਿਆ ਜਾਂਦਾ। ਵਿਦਿਆਰਥੀਆਂ ਅਨੁਸਾਰ ਕਈ ਵਾਰੀ ਇਹ ਮਹਿਸੂਸ ਹੁੰਦਾ ਹੈ ਕਿ ਉਹਨਾਂ ਦੇ ਅਧਿਆਪਕ ਸਿਰਫ ਇਹ ਨਹੀਂ ਸਮਝਦੇ ਕਿ ਵਿਦਿਆਰਥੀ ਕਿੰਨਾਂ ਹਾਲਾਤਾਂ ਵਿੱਚੋਂ ਗੁਜ਼ਰ ਰਹੇ ਹਨ।"

ਇਸ ਮੁੱਦੇ ਦਾ ਸਾਹਮਣਾ ਕਰਨ ਲਈ, ਕੁਝ ਸਕੂਲ ਪ੍ਰੋਗ੍ਰਾਮ ਲਾਗੂ ਕਰ ਰਹੇ ਹਨ ਜੋ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਵਧੀਆ ਸੰਚਾਰ ਅਤੇ ਸਮਝ ਬਣਾਉਣ 'ਤੇ ਕੇਂਦ੍ਰਿਤ ਹਨ। ਸਮਾਨ-ਸਤਹ ਮੈਨਟਰਿੰਗ, ਸਹਿ-ਯੋਜਨਾ ਪ੍ਰੋਜੈਕਟ ਅਤੇ ਨਿਯਮਿਤ ਫੀਡਬੈਕ ਸੈਸ਼ਨਾਂ ਵਰਗੇ ਉਪਰਾਲੇ ਇਸ ਫਾਸਲੇ ਨੂੰ ਪੂੱਟਣ ਅਤੇ ਵਿਦਿਆਰਥੀ ਅਤੇ ਅਧਿਆਪਕ ਦੇ ਵਿਚਕਾਰ ਸੁਖਾਲੇ ਵਾਤਾਵਰਨ ਬਣਾਉਣ ਲਈ ਡਿਜ਼ਾਈਨ ਕੀਤੇ ਗਏ ਹਨ।

ਜਿਵੇਂ ਕਿ ਸਿੱਖਿਆ ਮਾਹਰ ਅਤੇ ਵਿਦਿਆਰਥੀ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਇਹ ਸਾਫ਼ ਹੈ ਕਿ ਵਧਦੇ ਫਾਸਲੇ ਦਾ ਸਾਹਮਣਾ ਕਰਨ ਲਈ ਸਿੱਖਿਆ ਪ੍ਰਣਾਲੀ ਦੇ ਹਰ ਪੱਖ ਤੋਂ ਇਕੱਠੇ ਹੋ ਕੇ ਕੋਸ਼ਿਸ਼ ਕਰਨ ਦੀ ਲੋੜ ਹੈ। ਤਕਨਾਲੋਜੀ ਇੰਟੀਗ੍ਰੇਸ਼ਨ, ਸੰਚਾਰ ਰਣਨੀਤੀਆਂ ਅਤੇ ਸਮਾਜਿਕ-ਭਾਵਨਾ ਸਿਖਾਈ 'ਤੇ ਕੇਂਦ੍ਰਿਤ ਪੇਸ਼ਾਵਰ ਵਿਕਾਸ ਪ੍ਰੋਗ੍ਰਾਮ ਅਧਿਆਪਕਾਂ ਨੂੰ ਉਹਨਾਂ ਦੇ ਵਿਦਿਆਰਥੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੁੜਨ ਲਈ ਲੋੜੀਂਦੇ ਟੂਲਾਂ ਨਾਲ ਸਜਾਇਆ ਜਾ ਸਕਦਾ ਹੈ।

ਇਸ ਤੋਂ ਇਲਾਵਾ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਖੁੱਲ੍ਹੀ ਗੱਲਬਾਤ ਨੂੰ ਉਤਸ਼ਾਹਿਤ ਕਰਨਾ ਆਪਸੀ ਤਾਲਮੇਲ ਅਤੇ ਸਮਝ ਬਣਾਉਣ ਵਿੱਚ ਮਦਦਗਾਰ ਹੋ ਸਕਦਾ ਹੈ। ਇੱਕ ਦੂਜੇ ਦੇ ਨਜ਼ਰੀਏ ਨੂੰ ਮੰਨ ਕੇ ਅਤੇ ਸਾਂਝੇ ਟੀਚਿਆਂ ਵੱਲ ਮਿਲ ਕੇ ਕੰਮ ਕਰਕੇ ਦੋਵੇਂ ਪੱਖ ਇੱਕ ਸੁਖਦਾਈ ਅਤੇ ਉਤਪਾਦਕ ਸਿੱਖਣ ਵਾਲਾ ਵਾਤਾਵਰਨ ਬਣਾਉਣ 'ਚ ਯੋਗਦਾਨ ਦੇ ਸਕਦੇ ਹਨ।

ਜਿਸ ਯੁੱਗ ਵਿੱਚ ਸਿੱਖਿਆ ਪਹਿਲਾਂ ਤੋਂ ਵੀ ਜ਼ਿਆਦਾ ਮਹੱਤਵਪੂਰਣ ਹੈ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਫਾਸਲੇ ਨੂੰ ਘਟਾਉਣਾ ਨਾ ਸਿਰਫ ਲਾਭਦਾਇਕ ਹੈ ਬਲਕਿਇਹ ਭਵਿੱਖ ਦੇ ਆਗੂਆਂ ਨੂੰ ਵਿਕਸਤ ਕਰਨ ਲਈ ਅਹਿਮ ਹੈ। ਜਦੋਂ ਦੋਵੇਂ ਪੱਖ ਇੱਕ ਦੂਜੇ ਨਾਲ ਮਿਲ ਕੇ ਕੰਮ ਕਰਨ ਦੀ ਕੋਸ਼ਿਸ਼ ਕਰਦੇ ਹਨ ਉਸ ਸਮੇਂ ਇਹ ਆਸ਼ਾ ਜਗਦੀ ਹੈ ਕਿ ਜਮਾਤ ਸਿੱਖਣ ਤੇ ਸਿਖਲਾਈ ਦੇ ਬਹੁਤ ਵਧੀਆ ਸਥਾਨ ਬਣ ਸਕਦੇ ਹਨ।

ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚਕਾਰ ਫਾਸਲਾ ਵੱਧ ਸਕਦਾ ਹੈ ਪਰੰਤੂ ਪਹਿਲਾਂ ਤੋਂ ਹੀ ਕੋਸ਼ਿਸ਼ ਅਤੇ ਚੰਗੀਆਂ ਨੀਤੀਆਂ ਲਾਗੂ ਕਰਕੇ ਇਸ ਪਾੜੇ ਨੂੰ ਘੱਟ ਕਰਨ ਦੀ ਇੱਛਾ ਨਾਲ ਇਸ ਚੁਣੌਤੀ ਨੂੰ ਵਿਕਾਸ ਅਤੇ ਸੰਪਰਕ ਲਈ ਇੱਕ ਮੌਕੇ ਵਿੱਚ ਬਦਲਣਾ ਸੰਭਵ ਹੈ। ਮੌਜੂਦਾ ਯੁਗ ਵਿੱਚ ਜਦੋਂ ਅਸੀਂ ਸਿੱਖਿਆ ਦੇ ਭਵਿੱਖ ਵੱਲ ਦੇਖ ਰਹੇ ਹਾਂ ਤਾਂ ਇਹ ਜਰੂਰੀ ਹੈ ਕਿ ਪੀੜ੍ਹੀਆਂ ਵਿਚਕਾਰ ਸਮਝ ਬਣਾਉਣਾ ਸਾਡੇ ਸਿੱਖਣ ਸਿਖਾਉਣ ਦੀ ਪੂਰੀ ਸੰਭਾਵਨਾ ਨੂੰ ਖੋਲ੍ਹਣ ਲਈ ਕੁੰਜੀ ਹੋਵੇਗਾ।

-ਸੁਰਿੰਦਰਪਾਲ ਸਿੰਘ
ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ।

### ਸਿੱਖਿਆ ਕ੍ਰਾਂਤੀ ਨਾਲ ਪੰਜਾਬ ਦੇ ਸਕੂਲ

# ਪੂਰੇ ਦੇਸ਼ ਲਈ ਮਿਸਾਲ ਬਣ ਰਹੇ ਹਨ-ਚੇਅਰਮੈਨ ਢਿੱਲੋਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਗਈ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸਕੂਲਾਂ ਦੀ ਨੁਹਾਰ ਬਦਲੀ ਹੈ ਸਰਕਾਰੀ ਸਕੂਲ ਪ੍ਰਾਈਵੇਟ ਸਰਕਾਰੀ ਸਕੂਲ ਪ੍ਰਾਈਵੇਟਾਂ ਸਕੂਲਾਂ ਨਾਲੋਂ ਆਧੁਨਿਕ ਸਹੂਲਤਾਂ ਵਾਲੇ ਸਕੂਲ ਬਣ ਚੁੱਕੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਸਰਦਾਰ ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਪੰਜਾਬ ਨੇ ਕੀਤਾ। ਅੱਜ ਉਹ ਪਿੰਡ ਬੱਲਮਗੜ੍ਹ ਵਿਖੇ ਮੁੱਖ ਅਧਿਆਪਕ ਅਮਰਜੀਤ ਕੌਰ ਦੀ ਅਗਵਾਈ ਹੇਠ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਪਹੁੰਚੇ ਹੋਏ ਸਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਕਾਰਨ ਸੂਬੇ ਦੇ ਸਰਕਾਰੀ ਸਕੂਲ ਮਾੜੀ ਹਾਲਤ ਵਿੱਚ ਪਹੁੰਚ ਗਏ ਸਨ ਅਤੇ ਲੋਕ ਵੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ ਲੱਗ ਪਏ ਸਨ। ਪ੍ਰੰਤੂ ਜਦੋਂ ਤੋਂ ਮੌਜੂਦਾ ਪੰਜਾਬ ਸਰਕਾਰ ਨੇ ਕਾਰਜਭਾਗ ਸੰਭਾਲਿਆ ਹੈ, ਉਦੋਂ ਤੋਂ ਹੀ ਸਿੱਖਿਆ ਨੂੰ ਤਰਜੀਹੀ ਖੇਤਰ ਮੰਨਦੇ ਹੋਏ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਹੈ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਵਿੱਚ ਵੱਡਾ ਵਾਧਾ ਹੋਇਆ ਹੈ ਅਤੇ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾ ਰਹੇ ਹਨ। ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਫੈਸਲੇ ਕੀਤੇ ਗਏ ਹਨ ਅਤੇ ਇਨ੍ਹਾਂ ਫੈਸਲਿਆਂ ਦੀ ਬਦੌਲਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਅਤਿ ਆਧੁਨਿਕ ਸਹੂਲਤਾਂ ਨਾਲ ਪੜ੍ਹਾਇਆ ਜਾ ਰਿਹਾ ਹੈ। ਇਸ ਮੌਕੇ ਦਰਸ਼ਨ ਸਿੰਘ ਪਾਠਕ ਸਿੱਖਿਆ ਕੋਆਰਡੀਨੇਟਰ, ਕਮਲਦੀਪ ਸਿੰਘ, ਗੁਰਵਿੰਦਰ ਕੌਰ, ਸੋਨੂੰ ਸਿੰਗਲਾ, ਸੁਖਵੀਰ ਕੌਰ, ਸਬੀਰ ਖਾਨ, ਨੀਸਾ ਰਾਣੀ , ਸੋਨੂ ਬਾਲਾ ,ਮਨਿੰਦਰ ਕੌਰ , ਵਰੁਣ ਕੁਮਾਰ , ਸਵੀਤਾ ਰਾਣੀ , ਦਿਲਜੀਤ ਸਿੰਘ, ਸੁਖਵਿੰਦਰ ਸਿੰਘ, ਵਿਕਾਸ ਜਿੰਦਲ, ਸਰਪੰਚ ਮਨਦੀਪ ਕੌਰ ਪਤਨੀ ਸੁਰਿੰਦਰ ਸਿੰਘ, ਨੰਬਰਦਾਰ ਜਸਵਿੰਦਰ ਸਿੰਘ ਹਾਜ਼ਰ ਸਨ।

# ਸਕੂਲੀ ਬੱਚਿਆਂ ਦਾ ਹੋਇਆ ਮੁਫਤ ਡੈਂਟਲ ਚੈਕਅਪ



ਫ਼ਿਰੋਜ਼ਪੁਰ, 28 ਮਈ (ਮਨੋਹਰ ਲਾਲ) :— ਬੱਚਿਆਂ ਨੂੰ ਦੰਦਾਂ ਦੀ ਅਹਿਮੀਅਤ ਤੋਂ ਜਾਣੂ ਕਰਵਾਉਂਦੇ ਹੋਏ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਅੱਜ ਅਰੁਣ ਜ਼ਯੋਤੀ ਸਕੂਲ ਅੰਦਰੂਨ ਅੰਮ੍ਰਿਤਸਰੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਮੁਫਤ ਦੰਦਾਂ ਦਾ ਚੈਕਅਪ ਕੈਂਪ ਲਾਇਆ ਗਿਆ। ਇਸ ਮੌਕੇ 150 ਸਕੂਲੀ ਬੱਚਿਆਂ ਦੇ ਦੰਦਾਂ ਦਾ ਚੈਕਅਪ ਡਾਕਟਰ ਕਮਲ ਕਾਂਤ ਧਵਨ ਵੱਲੋਂ ਕੀਤਾ ਗਿਆ, ਜਿਸ ਉਪਰੰਤ ਮਾਹਿਰ ਡਾਕਟਰਾਂ ਵੱਲੋਂ ਬੱਚਿਆਂ ਨੂੰ ਦੰਦਾਂ ਦੀ ਸਾਂਭ—ਸੰਭਾਲ ਕਰਨ ਬਾਰੇ ਜਾਗਰੂਕ ਕਰਦਿਆਂ ਬੱਚਿਆਂ ਨੂੰ ਰੋਜ਼ਾਨਾ ਸਵੇਰੇ—ਸ਼ਾਮ ਬੁਰਸ਼ ਕਰਨ ਦੀ ਆਦਤ ਪਾਉਣ ਲਈ ਅਪੀਲ ਕੀਤੀ। ਇਸ ਮੌਕੇ ਬੱਚਿਆਂ ਨੂੰ ਮੁਫਤ ਟੂਥ ਪੇਸਟ ਅਤੇ ਬਰਸ਼ ਵੀ ਵੰਡੇ ਗਏ। ਇਸ ਕੈਂਪ ਵਿਚ ਵਿਸ਼ੇਸ਼ ਯੋਗਦਾਨ ਸਕੂਲ ਦੀ ਚੇਅਰਪਰਸਨ ਸ਼ਵੇਤਾ ਅਤੇ ਪ੍ਰਿੰਸੀਪਲ ਮਨੀਸ਼ ਗੋਇਲ ਵੱਲੋਂ ਦਿੱਤਾ ਗਿਆ। ਇਸ ਤੋਂ ਇਲਾਵਾ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ, ਸੈਕਟਰੀ ਤਰਸੇਮ ਗਰੋਵਰ, ਖਜਾਨਚੀ ਅਨਮੋਲ ਧਵਨ ਤੋਂ ਇਲਾਵਾ ਹਰੀ ਓਮ ਚੋਪੜਾ, ਅਜੇ ਚੁੱਗ, ਕੁਮਾਰ ਗੌਰਵ, ਕੁਲਦੀਪ ਬਜਾਜ, ਸੁਰਿੰਦਰ ਸਿੰਗਲਾ, ਡੀ.ਕੇ ਬਜਾਜ, ਗਤਿੰਦਰ ਕਮਲ, ਮਨੋਜ਼ ਗੱਖੜ ਆਦਿ ਹਾਜ਼ਰ ਸਨ।

## ਚੇਅਰਮੈਨ ਘੁੱਲੀ ਨੂੰ ਮਾਨਵਾਲਾ ਮਿਡਲ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਹਲਕੇ ਵਿਚ ਪੈਂਦੇ ਪਿੰਡ ਦੇ ਮਾਨਵਾਲਾ ਵਿਖੇ ਹੈੱਡ ਟੀਚਰ ਧਰਮਵੀਰ ਸ਼ਰਮਾਂ ਦੀ ਅਗਵਾਈ ਹੇਠ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ (ਚੇਅਰਮੈਨ ਮਾਰਕਿਟ ਕਮੇਟੀ) ਨੇ ਕੀਤਾ । ਉਹਨਾਂ ਕਿਹਾ ਕਿਮਾਨ ਸਰਕਾਰ ਦੀਆਂ ਯੋਜਨਾਵਾਂ ਕਾਗਜ਼ਾਂ ਵਿੱਚ ਹੀ ਨਹੀਂ ਸਗੋਂ ਜਮੀਨੀ ਪੱਧਰ ਤੇ ਕੰਮ ਵੀ ਹੋ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਿੱਖਿਆ, ਸਿਹਤ,ਸੜਕਾ, ਪਾਣੀ ਅਤੇ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਵਿੱਚ ਸਿੱਖਿਆ ਕਾਂਤੀ ਲਿਆ ਕੇ ਸਕੂਲਾਂ ਦੀ ਨੁਹਾਰ ਬਦਲੀ ਰਹੀ ਹੈ। ਇਸ ਮੌਕੇ ਡਾ. ਅਨਵਰ ਭਸੌੜ ( ਮੈਂਬਰ ਵਕਫ ਬੋਰਡ ਪੰਜਾਬ), ਦਰਸਨ ਸਿੰਘ ਪਾਠਕ , ਬੀ. ਐਨ. ਓ. ਵੀਪਨ ਕੁਮਾਰ, ਸ਼ਿਵਰਾਜ ਸਿੰਘ ਹੈਡ ਮਾਸਟਰ ਧੂਰਾ, ਸੌਰਵ ਜੋਸ਼ੀ, ਜਸਪ੍ਰੀਤ ਕੌਰ, ਮਿਨਾਕਸ਼ੀ ਰਾਣੀ, ਮਨਜੀਤ ਕੌਰ, ਵਸੀਮ ਅਕਰਮ, ਸਰਪੰਚ ਰਾਜ ਸਿੰਘ ਮਾਨਵਾਲਾ ਹਾਜਰ ਸਨ ।

## ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਵੱਲੋਂ ਅਪੰਗ ਲੋੜਵੰਦ ਦੀ ਕੋਠੇ ਛੱਤ ਪਾਉਣ ਲਈ ਮਾਲੀ ਸਹਾਇਤਾ ਕੀਤੀ

ਚੌਕ ਮਹਿਤਾ 29 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ(ਪੰਜਾਬ ) ਦੇ ਮੁੱਖੀ ਭਾਈ ਮਨਜੀਤ ਸਿੰਘ ਦੀ ਸਹਾਇਤਾ ਨਾਲ ਲੋੜਵੰਦ ਅਪੰਗ ਦੀ ਕੋਠੇ ਦੀ ਪਾਉਣ ਲਈ ਮਾਲੀ ਸਹਾਇਤਾ ਕੀਤੀ ਗਈ ਅਤੇਸਮੁੱਚੀ ਟੀਮ ਵਲੋ ਅੱਜ ਪਿੰਡ ਠੱਠੀਆ ਵਿਖੇ ਅਪੰਗ ਜੋੜੀ ਦੇ ਘਰੇ ਪਹੁਚੇ । ਜਿੱਥੇ ਪੁੱਜ ਕੇ ਪਤਾ ਲੱਗਾ ਕਿ ਇਸ ਗਰੀਬ ਅਪੰਗ ਜੋੜੇ ਦਾ ਸਰਕਾਰੀ ਮਕਾਨ ਸਕੀਮ ਤਹਿਤ ਕਮਰਾ ਆਇਆ ਸੀ ਜਿਸਦੀ ਇਕ ਕਿਸ਼ਤ ਏਨਾ ਦੇ ਖਾਤੇ ਵਿੱਚ ਪੈ ਗਈ ਸੀ ਇਹਨਾਂ ਨੇ ਮਕਾਨ ਬਣਾਉਣ ਦੀ ਸ਼ੁਰੂਆਤ ਵੀ ਕਰ ਦਿੱਤੀ ਸੀ । ਪਰ ਇਕ ਕਿਸ਼ਤ ਪੈਸੇ ਆਉਣ ਤੋ ਬਾਦ ਇਹਨਾਂ ਦੇ ਖਾਤੇ ਵਿੱਚ ਸਰਕਾਰ ਵਲੋ ਕੋਈ ਪੈਸਾ ਨਹੀ ਪਾਇਆ ਗਿਆ । ਜਿਸ ਕਾਰਨ ਇਹਨਾਂ ਦੇ ਮਕਾਨ ਦੀ ਛੱਤ ਅੱਜ ਵੀ ਅੱਧ ਵਿਚਾਲੇ ਰਹਿ ਗਈ ਹੈ ।ਇਸ ਅੱਤ ਦੀ ਗਰਮੀ ਵਾਲੇ ਮੌਸਮ ਵਿੱਚ ਇਨਾ ਦਾ ਪਰਿਵਾਰ ਤਰਪਾਲ ਵਾਲੇ ਤੰਬੂ ਵਿੱਚ ਰਹਿਣ ਲਈ ਮਜਬੂਰ ਹੈ ।ਆਉਣ ਵਾਲੇ ਦਿਨਾਂ ਵਿੱਚ ਬਰਸਾਤਾ ਵੀ ਸ਼ੁਰੂ ਹੋਣ ਗੀਆ ।ਜਿਸ ਕਰਕੇ ਹਾਲਾਤ ਹੋਰ ਵੀ ਖ਼ਰਾਬ ਹੋਣ ਗੇ ।ਸੋ ਲਗਪਗ ਸਾਰੇ ਹਲਕੇ ਵਿੱਚ ਸਰਕਾਰੀ ਮਕਾਨ ਸਕੀਮ ਤਹਿਤ ਇਹੀ ਹਾਲਾਤ ਹਨ । ਇਸ ਅਪੰਗ ਜੋੜੀ ਨੇ ਸਾਡੀ ਸੁਸਾਇਟੀ ਨਾਲ ਸੰਪਰਕ ਕੀਤਾ । ਇਸ ਉਪਰੰਤ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦੀ ਟੀਮ ਇਸ ਪਰਿਵਾਰ ਦੇ ਮਕਾਨ ਦੀ ਛੱਤ ਸੰਪੂਰਨ ਕਰਨ ਮਾਲੀ ਸਹਾਇਤਾ ਕੀਤੀ ਇਸ ਮੌਕੇ ਤੇ ਪ੍ਰਧਾਨ ਹਰਵਿੰਦਰ ਸਿੰਘ ਫੌਜੀ, ਸਰਪੰਚ ਹਰਜੀਤ ਸਿੰਘ ਵਡਾਲਾ ਜੋਹਲ, ਜਥੇਦਾਰ ਕਰਤਾਰ ਸਿੰਘ, ਸਤਨਾਮ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243